ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 9 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੪ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਲਾਪਤਾ 328 ਪਾਵਨ ਸਰੂਪ ਮਾਮਲਾ: FIR ਤੋਂ ਬਾਅਦ SGPC ਨੇ ਸੱਦ ਲਈ ਮੀਟਿੰਗ

**ਅੰਮ੍ਰਿਤਸਰ, 8 ਦਸੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਸਰਕਾਰ ਵੱਲੋਂ 328 ਪਾਵਨ ਸਰੂਪ ਮਾਮਲੇ ਵਿੱਚ ਬੀਤੇ ਦਿਨ ਦਰਜ ਕੀਤੀ ਐਫ਼.ਆਈ.ਆਰ. ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਹਲਚਲ ਤੇਜ਼ ਹੋ ਗਈ ਹੈ। ਇਸ ਮਾਮਲੇ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੰਤਰਿੰਗ ਕਮੇਟੀ ਦੀ ਹੰਗਾਮੀ ਮੀਟਿੰਗ 11 ਦਸੰਬਰ ਨੂੰ ਤੁਰੰਤ ਬੁਲਾ ਲਈ ਹੈ, ਜਿਸ ਵਿੱਚ ਇਸ ਪੂਰੇ ਮਾਮਲੇ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਜਾਵੇਗੀ।ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਸਿੰਘ ਸਾਹਿਬਾਨ ਦੇ ਆਦੇਸ਼ਾਂ ਤੋਂ ਬਾਅਦ ਐਸ.ਜੀ.ਪੀ.ਸੀ. ਵੱਲੋਂ ਆਪਣੇ ਪੱਧਰ ’ਤੇ ਪਹਿਲਾਂ ਹੀ ਜਾਂਚ ਕਰਕੇ ਸੰਬੰਧਤ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪਾਵਨ ਸਰੂਪਾਂ ਨਾਲ ਜੁੜੇ ਮਾਮਲਿਆਂ ਨੂੰ ਸਭ ਤੋਂ ਵੱਧ ਗੰਭੀਰਤਾ ਨਾਲ ਲੈਂਦੀ ਹੈ ਅਤੇ ਕਿਸੇ ਵੀ ਲਾਪਰਵਾਹੀ ਨਾਲ ਬਰਦਾਸ਼ਤ ਕਰਨ ਯੋਗ ਨਹੀਂ ਹੈ। ਜ਼ਿਕਰਯੋਗ ਹੈ ਕਿ ਸਰਕਾਰ ਵੱਲੋਂ 16 ਸ਼੍ਰੋਮਣੀ ਕਮੇਟੀ ਕਰਮਚਾਰੀਆਂ ਅਤੇ ਅਧਿਕਾਰੀਆਂ ਵਿਰੁੱਧ ਐਫ਼.ਆਈ.ਆਰ. ਦਰਜ ਕੀਤੀ ਹੈ।ਹੁਣ ਅੰਤਰਿੰਗ ਕਮੇਟੀ ਦੀ 11 ਦਸੰਬਰ ਨੂੰ ਹੋਣ ਵਾਲੀ ਮੀਟਿੰਗ ਵਿੱਚ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਕਮੇਟੀ ਮੈਂਬਰ ਪੂਰੇ ਮਾਮਲੇ ਦੀ ਗੰਭੀਰਤਾ ਨਾਲ ਵਿਚਾਰ-ਵਿਮਰਸ਼ ਕਰਕੇ ਆਗਾਮੀ ਕਦਮ ਤੈਅ ਕਰਨਗੇ।

## ਇੰਡੀਗੋ ਫਲਾਈਟ ਸੰਕਟ ’ਚ ਨਵਾਂ ਮੋੜ !

# ਹੈਦਰਾਬਾਦ ’ਚ ਤਿੰਨ ਜਹਾਜ਼ਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ, ਹਾਈ ਅਲਰਟ ਜਾਰੀ

**ਨਵੀਂ ਦਿੱਲੀ, 8 ਦਸੰਬਰ (ਆਵਾਜ਼ਿ ਕੌਮ ਬਿਊਰੋ)-** ਜਿੱਥੇ ਇੱਕ ਪਾਸੇ ਲੋਕ ਫਲਾਈਟ ਸੰਕਟ ਦੇ ਨਾਲ ਜੂਝ ਰਹੇ ਹਨ ਉੱਧਰੇ ਦੂਜੇ ਪਾਸੇ ਅੱਜ ਹੈਰਾਨ ਕਰਨ ਵਾਲਾ ਮਾਮਲਾ ਆਇਆ, ਜਿੱਥੇ ਬੰਬ ਨਾਲ ਫਲਾਈਟ ਨੂੰ ਉਡਾਉਣ ਦੀ ਧਮਕੀ ਭਰੀ ਮੇਲ ਮਿਲੀ। ਹੈਦਰਾਬਾਦ ਤੋਂ ਆਈ ਇੱਕ ਮਹੱਤਵਪੂਰਣ ਖ਼ਬਰ ਵਿੱਚ ਰਾਜੀਵ ਗਾਂਧੀ ਏਅਰਪੋਰਟ ‘ਤੇ ਤਿੰਨ ਜਹਾਜ਼ਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ।




ਸੋਮਵਾਰ ਯਾਨੀਕਿ ਅੱਜ 8 ਦਸੰਬਰ ਨੂੰ ਇਹ ਧਮਕੀ ਈਮੇਲ ਰਾਹੀਂ ਭੇਜੀ ਗਈ। ਰਾਹਤ ਵਾਲੀ ਗੱਲ ਇਹ ਹੈ ਕਿ ਸਾਰੇ ਜਹਾਜ਼ ਸੁਰੱਖਿਅਤ ਤਰੀਕੇ ਨਾਲ ਲੈਂਡ ਕਰ ਗਏ ਅਤੇ ਯਾਤਰੀਆਂ ਨੂੰ ਠੀਕ-ਠਾਕ ਉਤਰਵਾ ਦਿੱਤਾ ਗਿਆ। ਏਅਰਪੋਰਟ ‘ਤੇ ਹਾਈ ਅਲਰਟ ਜਾਰੀ ਹੈ ਅਤੇ ਪੁਲਿਸ ਹਰ ਕੋਨੇ ਦੀ ਤਫ਼ਤੀਸ਼ ਕਰ ਰਹੀ ਹੈ। ਕੈਨੂਰ (ਕੇਰਲ) ਤੋਂ ਹੈਦਰਾਬਾਦ ਆ ਰਹੀ ਇੰਡੀਗੋ ਫਲਾਈਟ 657178 ਨੂੰ ਧਮਕੀ ਮਿਲੀ। ਇਸ ਦੇ ਨਾਲ-ਨਾਲ ਲੁਫਥਾਂਸਾ ਏਅਰਲਾਈਨ ਦੀ ਫਲਾਈਟ LH-752 ਅਤੇ ਬ੍ਰਿਟਿਸ਼ ਏਅਰਵੇਜ਼ ਦੀ ਲੰਡਨ-ਹੈਦਰਾਬਾਦ ਫਲਾਈਟ ਨੂੰ ਵੀ ਬੰਬ ਨਾਲ ਉਡਾਉਣ ਦੀ ਧਮਕੀ ਭੇਜੀ ਗਈ। ਧਮਕੀ ਵਾਲਾ ਮੇਲ ਏਅਰਪੋਰਟ ਦੀ ਕਸਟਮਰ ਸਪੋਰਟ ਈਮੇਲ ਆਈਡੀ ‘ਤੇ ਆਇਆ, ਜਿਸ ਤੋਂ ਬਾਅਦ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਚੌਕਸ ਹੋ ਗਈਆਂ। ਤਿੰਨੋਂ ਜਹਾਜ਼ ਸੁਰੱਖਿਅਤ ਤਰੀਕੇ ਨਾਲ ਏਅਰਪੋਰਟ ’ਤੇ ਲੈਂਡ ਹੋ ਗਏ। ਏਅਰਪੋਰਟ ਅਧਿਕਾਰੀਆਂ ਨੇ ਤੁਰੰਤ ਯਾਤਰੀਆਂ ਨੂੰ ਬਾਹਰ ਕੱਢ ਕੇ ਸੁਰੱਖਿਅਤ ਥਾਂ ‘ਤੇ ਲਿਜਾਇਆ। ਜਹਾਜ਼ਾਂ ਨੂੰ ਪਹਿਲਾਂ ਆਇਸੋਲੇਸ਼ਨ ਏਰੀਆ ਵਿੱਚ ਰੱਖਿਆ ਗਿਆ। ਇਸ ਤੋਂ ਬਾਅਦ ਸੁਰੱਖਿਆ ਏਜੰਸੀਆਂ ਅਤੇ ਬੰਬ ਸਕਵਾਡ ਟੀਮਾਂ ਨੇ ਸਾਰੇ ਜਹਾਜ਼ਾਂ ਦੀ ਧਿਆਨ ਨਾਲ ਤਲਾਸ਼ ਕੀਤੀ ਅਤੇ ਜਾਂਚ ਹੁਣ ਵੀ ਜਾਰੀ ਹੈ। ਇਹ ਵੀ ਜਾਣਕਾਰੀ ਮਿਲੀ ਹੈ ਕਿ ਕਰੀਬ ਇੱਕ ਹਫ਼ਤੇ ਤੋਂ ਇੰਡੀਗੋ ਏਅਰਲਾਈਨ ਦਾ ਫਲਾਈਟ ਸੰਕਟ ਚੱਲ ਰਿਹਾ ਹੈ ਅਤੇ ਇਹ ਹਾਲੇ ਤੱਕ ਖਤਮ ਨਹੀਂ ਹੋਇਆ। ਇਸ ਕਾਰਨ ਹਜ਼ਾਰਾਂ ਯਾਤਰੀਆਂ ਨੂੰ ਮੁਸ਼ਿਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੈਦਰਾਬਾਦ, ਮੁੰਬਈ ਅਤੇ ਦਿੱਲੀ ਸਮੇਤ ਕਈ ਸ਼ਹਿਰਾਂ ਤੋਂ ਇੰਡੀਗੋ ਦੀਆਂ ਸੈਂਕੜੇ ਉਡਾਨਾਂ ਰੱਦ ਹੋ ਚੁੱਕੀਆਂ ਹਨ। ਇਸ ਹਾਲਤ ਵਿੱਚ ਬੰਬ ਧਮਕੀ ਵਾਲੇ ਈਮੇਲ ਨੇ ਸੁਰੱਖਿਆ ਕਰਮਚਾਰੀਆਂ ਦਾ ਕੰਮ ਹੋਰ ਵੀ ਵਧਾ ਦਿੱਤਾ ਹੈ। ਸੋਮਵਾਰ ਨੂੰ ਇੰਡਿਗੋ ਨੇ ਬੈਂਗਲੋਰ ਏਅਰਪੋਰਟ ਤੋਂ ਰਵਾਨਾ ਹੋਣ ਵਾਲੀਆਂ 62 ਉਡਾਨਾਂ ਅਤੇ ਇੱਥੇ ਪਹੁੰਚਣ ਵਾਲੀਆਂ 65 ਉਡਾਨਾਂ ਰੱਦ ਕਰ ਦਿੱਤੀਆਂ।

## ਸੁਖਬੀਰ ਸਿੰਘ ਬਾਦਲ ਦਾ ਵੱਡਾ ਐਲਾਨ ਗਿੱਦੜਬਾਹਾ ਤੋਂ ਲੜਨਗੇ 2027 ਦੀ ਵਿਧਾਨ ਸਭਾ ਚੋਣ



**ਚੰਡੀਗੜ੍ਹ, 8 ਦਸੰਬਰ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਆਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਇੱਕ ਵੱਡਾ ਰਾਜਨੀਤਿਕ ਐਲਾਨ ਕੀਤਾ ਹੈ। ਉਨ੍ਹਾਂ ਨੇ ਕਿਹਾ ਹੈ ਕਿ ਲੋਕਾਂ ਦੀ ਭਾਰੀ ਮੰਗ ਤੋਂ ਬਾਅਦ ਉਹ ਆਉਣ ਵਾਲੀਆਂ 2027 ਦੀਆਂ ਚੋਣਾਂ ’ਚ ਗਿੱਦੜਬਾਹਾ ਵਿਧਾਨ ਸਭਾ ਹਲਕੇ ਤੋਂ ਚੋਣ ਲੜਨਗੇ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਗਿੱਦੜਬਾਹਾ ਦੇ ਲੋਕ ਕਾਫ਼ੀ ਸਮੇਂ ਤੋਂ ਉਨ੍ਹਾਂ ਨੂੰ ਆਪਣਾ ਉਮੀਦਵਾਰ ਬਣਾਉਣ ਲਈ ਆਖ ਰਹੇ ਸਨ, ਜਿਸ ਕਰਕੇ ਉਨ੍ਹਾਂ ਨੇ ਇਹ ਐਲਾਨ ਕੀਤਾ। ਇਸ ਫੈਸਲੇ ਨੂੰ 2027 ਦੀਆਂ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੀ ਰਣਨੀਤੀ ਵਿੱਚ ਇੱਕ ਵੱਡਾ ਬਦਲਾਅ ਮੰਨਿਆ ਜਾ ਰਿਹਾ ਹੈ। ਸੁਖਬੀਰ ਸਿੰਘ ਬਾਦਲ ਦੇ ਗਿੱਦੜਬਾਹਾ ਦੇ ਚੋਣ ਮੈਦਾਨ ਵਿਚ ਕੁੱਦਣ ਨਾਲ ਪੰਜਾਬ ਦੀ ਸਿਆਸਤ ਵਿਚ ਨਵਾਂ ਮੋੜ ਆ ਗਿਆ ਹੈ। ਜਾਣਕਾਰੀ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਨੇ ਗਿੱਦੜਬਾਹਾ ਵਿਚ ਇਕ ਦਫ਼ਤਰ ਵੀ ਖੋਲ੍ਹ ਦਿੱਤਾ ਹੈ, ਜਿਸ ਨਾਲ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਪਾਰਟੀ ਨੇ ਮੁਹਿੰਮ ਨੂੰ ਤੇਜ਼ੀ ਨਾਲ ਅੱਗੇ ਵਧਾਉਣਾ ਸ਼ੁਰੂ ਕਰ ਦਿੱਤਾ ਹੈ। ਸਿਆਸੀ ਮਾਹਿਰਾਂ ਮਤਾਬਕ ਗਿੱਦੜਬਾਹਾ ਕਿਸੇ ਸਮੇਂ ਅਕਾਲੀ ਦਲ ਦਾ ਸਭ ਤੋਂ ਮਜ਼ਬੂਤ ਕਿਲ੍ਹਾ ਮੰਨਿਆ ਜਾਂਦਾ ਸੀ, ਇਸ ਲਈ ਸੁਖਬੀਰ ਬਾਦਲ ਦਾ ਇੱਥੋਂ ਚੋਣ ਲੜਨ ਦਾ ਫ਼ੈਸਲਾ ਸਿਆਸੀ ਪੱਧਰ ’ਤੇ ਵੱਡੇ ਬਦਲਾਅ ਲਿਆ ਸਕਦਾ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸੁਖਬੀਰ ਸਿੰਘ ਬਾਦਲ ਲੰਬੇ ਸਮੇਂ ਤੋਂ ਜਲਾਲਾਬਾਦ ਹਲਕੇ ਤੋਂ ਚੋਣ ਲੜਦੇ ਆ ਰਹੇ ਹਨ ,ਜਿਥੋਂ ਉਹ ਕਈ ਵਾਰ ਜਿੱਤੇ ਵੀ ਹਨ। ਗਿੱਦੜਬਾਹਾ ਹਲਕੇ ਨਾਲ ਬਾਦਲ ਪਰਿਵਾਰ ਦਾ ਪੁਰਾਣਾ ਸਬੰਧ ਹੈ, ਕਿਉਂਕਿ ਸੂਬੇ ਦੇ ਸਾਬਕਾ ਮੁੱਖ ਮੰਤਰੀ ਅਤੇ ਸੁਖਬੀਰ ਸਿੰਘ ਬਾਦਲ ਦੇ ਪਿਤਾ ਪ੍ਰਕਾਸ਼ ਸਿੰਘ ਬਾਦਲ ਵੀ ਇਸੇ ਹਲਕੇ ਤੋਂ ਵਿਧਾਇਕ ਰਹਿ ਚੁੱਕੇ ਹਨ। ਦੂਜੇ ਪਾਸੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੀ ਗਿੱਦੜਬਾਹਾ ਤੋਂ ਚੋਣ ਲੜਦੇ ਰਹੇ ਹਨ। ਵੜਿੰਗ ਕਈ ਵਾਰ ਖੁੱਲ੍ਹੇਆਮ ਚੁਣੌਤੀ ਦੇ ਚੁੱਕੇ ਹਨ ਕਿ ਸੁਖਬੀਰ ਬਾਦਲ ਗਿੱਦੜਬਾਹਾ ਹਲਕੇ ਤੋਂ ਚੋਣ ਲੜ ਕੇ ਵੇਖ ਲੈਣ ਪਰ ਅੱਜ ਸੁਖਬੀਰ ਸਿੰਘ ਬਾਦਲ ਨੇ ਚੋਣ ਲੜਨ ਦਾ ਐਲਾਨ ਕਰ ਦਿੱਤਾ ਹੈ।

## ਸੰਯੁਕਤ ਕਿਸਾਨ ਮੋਰਚੇ ਦੀ ਕਾਲ ’ਤੇ ਕਿਸਾਨਾਂ ਵੱਲੋਂ ਅੱਜ ਪੂਰੇ ਪੰਜਾਬ ’ਚ ਬਿਜਲੀ ਦਫ਼ਤਰਾਂ ਅੱਗੇ ਲਗਾਏ ਗਏ ਧਰਨੇ



**ਚੰਡੀਗੜ੍ਹ, 8 ਦਸੰਬਰ (ਆਵਾਜ਼ਿ ਕੌਮ ਬਿਊਰੋ)-** ਸੰਯੁਕਤ ਕਿਸਾਨ ਮੋਰਚੇ ਵੱਲੋਂ ਬਿਜਲੀ ਸੋਧ ਬਿੱਲ 2025 ਦਾ ਵਿਰੋਧ ਕਰਦਿਆਂ ਸੂਬੇ ਭਰ ਵਿਚ ਪੰਜਾਬ ਪਾਵਰਕੌਮ ਦੇ ਦਫ਼ਤਰਾਂ ਬਾਹਰ ਰੋਸ ਪ੍ਰਦਰਸ਼ਨ ਕਰਦਿਆਂ ਧਰਨੇ ਦਿੱਤੇ ਗਏ। ਕਿਸਾਨ ਕੇਂਦਰ ਸਰਕਾਰ ਵੱਲੋਂ ਲਿਆਂਦੇ ਬਿਜਲੀ ਬਿੱਲ 2025 ਦਾ ਵਿਰੋਧ ਕਰ ਰਹੇ ਹਨ। ਕਿਸਾਨਾਂ ਦਾ ਕਹਿਣਾ ਹੈ ਕਿ ਜੇਕਰ ਬਿਜਲੀ ਬਿੱਲ 2025 ਪਾਸ ਹੋ ਜਾਂਦਾ ਹੈ ਤਾਂ ਕਿਸਾਨਾਂ ਨੂੰ ਖੇਤਾਂ ਵਿੱਚ ਬਿਜਲੀ ਮਹਿੰਗੀ ਮਿਲੇਗੀ। ਦੋਵੇਂ ਸਰਕਾਰਾਂ ਸਾਰੀਆਂ ਸਰਕਾਰੀ ਸੰਸਥਾਵਾਂ ਨੂੰ ਕਾਪਰੇਟ ਘਰਾਣਿਆਂ ਦੇ ਹੱਥਾਂ ਵਿੱਚ ਦੇਣਾ ਚਾਹੁੰਦੀਆਂ ਹਨ। ਜਿਸ ਤਰ੍ਹਾਂ 2020 ਦੇ ਵਿੱਚ ਕੇਂਦਰ ਸਰਕਾਰ ਵੱਲੋਂ ਤਿੰਨ ਕਾਲੇ ਕਾਨੂੰਨ ਲਿਆਂਦੇ ਗਏ ਸਨ ,ਉਹਨਾਂ ਵਿੱਚੋਂ ਹੀ ਬਿਜਲੀ ਬਿੱਲ 2025 ਹੈ। ਇਸ ਮੌਕੇ ਗੱਲਬਾਤ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਬਿਜਲੀ ਸੋਧ ਬਿੱਲ 2025 ਰਾਹੀਂ ਬਿਜਲੀ ਦਾ ਕੰਮ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਜਾ ਰਹੀ ਹੈ ,ਜੋ ਕਿ ਲੋਕਾਂ ਲਈ ਬਹੁਤ ਘਾਤਕ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਆਮ ਲੋਕਾਂ ਨੂੰ ਮਿਲਣ ਵਾਲੀ ਸਸਤੀ ਬਿਜਲੀ ਅਤੇ ਮੁਫ਼ਤ ਬਿਜਲੀ ਦੀ ਸਹੂਲਤ ਖ਼ਤਮ ਹੋ ਜਾਵੇਗੀ। ਬਿਜਲੀ ਕੰਪਨੀਆਂ ਮਨਮਾਨੇ ਰੇਟਾਂ ’ਤੇ ਮਹਿੰਗੀ ਬਿਜਲੀ ਦੇਖਣਗੀਆਂ। ਕਿਸਾਨ ਆਗੂਆਂ ਨੇ ਕਿਹਾ ਕਿ ਉਹ ਆਪਣੇ ਬਿਜਲੀ ਦੇ ਸਰਕਾਰੀ ਅਦਾਰੇ ਨੂੰ ਕਿਸੇ ਵੀ ਕੀਮਤ ’ਤੇ ਨਿੱਜੀ ਹੱਥਾਂ ਵਿੱਚ ਨਹੀਂ ਜਾਣ ਦੇਣਗੇ। ਕਿਸਾਨਾਂ ਵੱਲੋਂ ਸਰਕਾਰ ਨੂੰ ਬਿਜਲੀ ਸੋਧ ਬਿੱਲ 2025 ਵਾਪਸ ਲੈਣ ਦੀ ਮੰਗ ਕੀਤੀ ਹੈ। ਜਿਸ ਦੇ ਚਲਦਿਆਂ ਤਰਨਤਾਰਨ ਵਿਖੇ ਕਿਸਾਨਾਂ ਵੱਲੋਂ ਪੰਜਾਬ ਪਾਵਰਕੌਮ ਦੇ ਡਿਪਟੀ ਚੀਫ਼ ਇੰਜੀਨੀਅਰ ਬਾਰਡਰ ਜੋਨ ਦੇ ਦਫ਼ਤਰ ਦੇ ਬਾਹਰ ਰੋਸ ਪ੍ਰਦਰਸ਼ਨ ਕਰਦਿਆਂ ਧਰਨਾ ਦਿੱਤਾ ਗਿਆ ਅਤੇ ਪੰਜਾਬ ਅਤੇ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਇਸ ਤੋਂ ਇਲਾਵਾ ਸੰਗਰੂਰ ’ਚ ਵੀ ਕਿਸਾਨਾਂ ਨੇ ਬਿਜਲੀ ਦਫ਼ਤਰ ਅੱਗੇ ਧਰਨਾ ਲਗਾਇਆ ਹੈ। ਕਿਸਾਨਾਂ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਵੋਟਾਂ ਲੈਣ ਮੌਕੇ ਵੱਡੇ -ਵੱਡੇ ਵਾਅਦੇ ਕਰਦੀ ਹੈ ਕਿ ਘਰਾਂ ਅਤੇ ਖੇਤਾਂ ਨੂੰ ਬਿਜਲੀ ਫਰੀ ਦਿੱਤੀ ਜਾਵੇਗੀ ਪਰ ਦੂਸਰੇ ਪਾਸੇ ਬਿਜਲੀ ਬਿੱਲ 2025 ਪਾਸ ਕਰਕੇ ਚਿੱਪ ਵਾਲੇ ਮੀਟਰਾਂ ਨੂੰ ਲਾਗੂ ਕਰਨਾ ਚਾਹੁੰਦੀ ਹੈ। ਜਿਸ ਨਾਲ ਮੋਬਾਇਲ ਦੀ ਤਰ੍ਹਾਂ ਰਿਚਾਰਜ ਕਰਕੇ ਹੀ ਵਰਤਣ ਲਈ ਬਿਜਲੀ ਮਿਲ ਸਕੇਗੀ।

## : ਸਾਬਕਾ ਜਥੇਦਾਰ ਗਿ. ਗੁਰਬਚਨ ਸਿੰਘ ਅਤੇ ਵਿਰਸਾ ਸਿੰਘ ਵਲਟੋਹਾ ਸਮੇਤ 5 ਜਾਣਿਆ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ’ਤੋਂ ਲਗਾਈ ਗਈ ਤਨਖਾਹ

**ਅੰਮ੍ਰਿਤਸਰ, 8 ਦਸੰਬਰ (ਆਵਾਜ਼ਿ ਕੌਮ ਬਿਊਰੋ)-** ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅੱਜ ਪੰਜ ਸਿੰਘ ਸਾਹਿਬਾਨਾਂ ਦੀ ਮੀਟਿੰਗ ਹੋਈ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਦੀ ਹਾਜ਼ਰੀ ਵਿੱਚ ਜਥੇਦਾਰ ਸਾਹਿਬ ਨੇ ਕਈ ਅਹਿਮ ਫੈਸਲੇ ਸੁਣਾਏ ਹਨ, ਜਿਸ ਵਿੱਚ ਸਿਆਸੀ ਆਗੂਆਂ, ਸਾਬਕਾ ਜਥੇਦਾਰਾਂ, ਅਤੇ ਵਿਦਵਾਨਾਂ ਨਾਲ ਸਬੰਧਤ ਮਾਮਲੇ ਸ਼ਾਮਲ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਏ ਫੈਸਲਿਆਂ ਦੇ ਸਬੰਧ ’ਚ ਕੁੱਝ ਲੋਕਾਂ ਵਲੋਂ ਪੇਸ਼ ਹੋ ਕੇ ਮੁਅਫ਼ੀਆਂ ਮੰਗੀਆਂ ਗਈਆਂ ਹਨ। ਇਸ ਦੌਰਾਨ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ , ਅਕਾਲੀ ਲੀਡਰ ਵਿਰਸਾ ਸਿੰਘ ਵਲਟੋਹਾ, ਜਸਵੰਤ ਸਿੰਘ ਜ਼ਫਰ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸਮੇਤ 5 ਜਾਣੇ ਸ੍ਰੀ ਅਕਾਲ ਤਖ਼ਤ ਦੇ ਸਨਮੁੱਖ ਪੇਸ਼ ਹੋਏ।



ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋ ਕੇ ਵਿਰਸਾ ਸਿੰਘ ਵਲਟੋਹਾ ਨੇ ਮੁਆਫੀ ਮੰਗੀ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵਲਟੋਹਾ ਨੂੰ ਸਪੱਸ਼ਟ ਆਦੇਸ਼ ਦਿੱਤਾ ਕਿ ਉਹ ਧਾਰਮਿਕ ਸ਼ਖਸੀਅਤਾਂ ਬਾਰੇ ਕੋਈ ਬਿਆਨਬਾਜ਼ੀ ਨਾ ਕਰਨ। ਵਿਰਸਾ ਸਿੰਘ ਵਲਟੋਹਾ ’ਤੇ ਲੱਗੀ 10 ਸਾਲ ਲਈ ਅਕਾਲੀ ਦਲ ਵਿੱਚੋਂ ਕੱਢੇ ਜਾਣ ਦੀ ਪਾਬੰਦੀ ਹਟਾ ਦਿੱਤੀ ਗਈ ਹੈ। ਇਸ ਪਾਬੰਦੀ ਨੂੰ ਹਟਾਉਣ ਦੇ ਨਾਲ ਵਲਟੋਹਾ ਦਾ ਅਕਾਲੀ ਦਲ ਵਿੱਚ ਮੁੜ ਸ਼ਾਮਲ ਹੋਣ ਦਾ ਰਸਤਾ ਹੁਣ ਖੁੱਲ੍ਹ ਗਿਆ ਹੈ। ਵਿਰਸਾ ਸਿੰਘ ਵਲਟੋਹਾ ਨੇ ਅਕਤੂਬਰ 2024 ’ਚ ਪੰਥ ਦੀਆਂ ਸਿਰਮੌਰ ਸਖਸ਼ੀਅਤਾਂ ਦੇ ਖਿਲਾਫ ਬਿਆਨਬਾਜ਼ੀ ਕੀਤੀ ਸੀ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਵਿਰਸਾ ਸਿੰਘ ਵਲਟੋਹਾ ਦੀ ਮੁਆਫ਼ੀ ਕਬੂਲ ਕੀਤੀ ਅਤੇ ਧਾਰਮਿਕ ਸਜ਼ਾ ਲਗਾਉਂਦੇ ਹੋਏ 3 ਦਿਨ ਸ੍ਰੀ ਦਰਬਾਰ ਸਾਹਿਬ ’ਚ ਜੂਠੇ ਭਾਂਡੇ ਮਾਂਜਣਗੇ ,ਇੱਕ ਘੰਟਾ ਸੰਗਤ ਦੇ ਜੋੜੇ ਝਾੜਨ ਦੀ ਸੇਵਾ ਲਗਾਈ ਗਈ ਅਤੇ 11 ਦਿਨ ਰੋਜ਼ਾਨਾ ਗੁਰਬਾਣੀ ਦਾ ਜਾਪ ਕਰਨਗੇ। ਧਾਰਮਿਕ ਸਜ਼ਾ ਪੂਰੀ ਹੋਣ ਮਗਰੋਂ 1100 ਰੁ. ਦੀ ਦੇਗ ਤੇ 1100 ਰੁ. ਗੋਲਕ ’ਚ ਪਾਉਣ ਦੇ ਆਦੇਸ਼ ਦਿੱਤੇ ਗਏ ਹਨ।





**ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਦੀਆਂ ਸੇਵਾਵਾਂ ’ਤੇ ਪਾਬੰਦੀ ਖਤਮ**-ਸਾਬਕਾ ਜਥੇਦਾਰ ਗਿ. ਗੁਰਬਚਨ ਸਿੰਘ ਨੇ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋ ਕੇ ਸਮੁੱਚੀ ਕੌਮ ਤੋਂ ਡੇਰਾ ਮੁਖੀ ਨੂੰ ਮੁਆਫੀ ਦੇਣ ਦੇ ਗੁਨਾਹ ਦੀ ਮੁਆਫੀ ਮੰਗੀ ਹੈ। ਸਤੰਬਰ 2015 ’ਚ ਸਾਬਕਾ ਜਥੇਦਾਰ ਗਿ. ਗੁਰਬਚਨ ਸਿੰਘ ਨੇ ਗੁਰਮੀਤ ਰਾਮ ਰਹੀਮ ਨੂੰ ਮੁਆਫੀ ਦਿੱਤੀ ਸੀ। ਗਿਆਨੀ ਗੁਰਬਚਨ ਸਿੰਘ ਨੂੰ ਵੀ ਧਾਰਮਿਕ ਸਜ਼ਾ ਲਗਾਈ ਗਈ ਹੈ। ਗਿਆਨੀ ਗੁਰਬਚਨ ਸਿੰਘ 2 ਦਿਨ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਘਰ ’ਚ ਰੋਜ਼ਾਨਾ ਇੱਕ ਘੰਟਾ ਜੂਠੇ ਬਰਤਨ ਮਾਂਜਣ ਦੀ ਸੇਵਾ ਕਰਨਗੇ ਅਤੇ 2 ਦਿਨ ਜਪੁਜੀ ਸਾਹਿਬ ,ਆਸਾ ਕੀ ਵਾਰ ਪਾਤਸ਼ਾਹੀ ਦਸਵੀਂ ਦਾ ਜਾਪ ਕਰਨਗੇ। 1100 ਦੀ ਦੇਗ ਕਰਵਾ ਕੇ ਭੁੱਲ ਬਖਸ਼ਾਉਣ ਦੀ ਅਰਦਾਸ ਕਰਨਗੇ।

**GNDU ਦੇ ਵਾਈਸ ਚਾਂਸਲਰ ਕਰਮਜੀਤ ਸਿੰਘ ਦੀ ਮਾਫੀ**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ (ਵੀ.ਸੀ.) ਡਾ. ਕਰਮਜੀਤ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋ ਕੇ ਆਪਣੀ ਭੁੱਲ ਲਈ ਮਾਫੀ ਮੰਗੀ ਅਤੇ ਉਨ੍ਹਾਂ ਨੂੰ ਤਨਖਾਹ ਲਾਈ ਗਈ ਹੈ। ਡਾ. ਕਰਮਜੀਤ ਸਿੰਘ 2 ਦਿਨ ਸ੍ਰੀ ਦਰਬਾਰ ਸਾਹਿਬ ਦੇ ਲੰਗਰ ਹਾਲ ’ਚ ਸੇਵਾ ਕਰਨਗੇ ਅਤੇ ਜੂਠੇ ਭਾਂਡੇ ਮਾਂਜਣ ਤੇ ਜੋੜੇ ਸਾਫ ਕਰਨ ਦੀ ਸਜ਼ਾ ਲਗਾਈ ਗਈ। 5 ਦਿਨ ਰੋਜ਼ਾਨਾ ਨਿਤਨੇਮ ਅਤੇ ਆਸਾ ਕੀ ਵਾਰ ਦਾ ਪਾਠ ਕਰਨ ਦੇ ਵੀ ਆਦੇਸ਼ ਦਿੱਤੇ ਗਏ। ਨਾਲ ਹੀ ਉਨ੍ਹਾਂ ਨੂੰ ਭਾਈ ਕਾਹਨ ਸਿੰਘ ਨਾਭਾ ਦੀ ਕਿਤਾਬ ’ਹਮ ਹਿੰਦੂ ਨਹੀਂ” ਦੀਆਂ 500 ਕਾਪੀਆਂ ਸਿੱਖ ਸੰਗਤ ਵਿੱਚ ਵੰਡਣ ਦਾ ਹੁਕਮ ਵੀ ਦਿੱਤਾ ਗਿਆ ਹੈ।

**ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫਰ ਨੂੰ ਤਨਖਾਹ**-ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਤਨਖਾਹ ਲਗਾਈ ਗਈ ਹੈ। ਜਸਵੰਤ ਸਿੰਘ ਜ਼ਫਰ ਨੂੰ ਆਪਣੀਆਂ ਲਿਖਤਾਂ ’ਚ ਗੁਰੂ ਸਾਹਿਬ ਦੇ ਅਦਬ ਸਤਿਕਾਰ ਦਾ ਧਿਆਨ ਰੱਖਣ ਦਾ ਆਦੇਸ਼ ਦਿੱਤਾ ਗਿਆ ਹੈ। ਜਸਵੰਤ ਸਿੰਘ ਜ਼ਫਰ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ’ਚ 2 ਦਿਨ ਇੱਕ -ਇੱਕ ਘੰਟਾ ਬਰਤਨ ਮਾਂਝਣ ਅਤੇ ਜੋੜੇ ਝਾੜਨ ਦੀ ਸੇਵਾ ਅਤੇ 4 ਦਿਨ ਜਾਪ ਕਰਨਗੇ। ਜਸਵੰਤ ਸਿੰਘ ਜ਼ਫਰ ਨੂੰ ਪ੍ਰਿੰਸੀਪਲ ਸਤਬੀਰ ਸਿੰਘ ਦੀ ਕਿਤਾਬ ਦੀਆਂ 100 ਕਾਪੀਆਂ ਵੰਡਣ ਦਾ ਆਦੇਸ਼ ਦਿੱਤਾ ਗਿਆ ਹੈ।

**ਯੂਕੇ ਦੇ ਸਿੱਖ ਪ੍ਰਚਾਰਕ ਹਰਿੰਦਰ ਸਿੰਘ ਨੂੰ ਮਾਫੀ**-ਯੂ.ਕੇ. ਦੇ ਸਿੱਖ ਪ੍ਰਚਾਰਕ ਹਰਿੰਦਰ ਸਿੰਘ ਨੇ ਵੀ ਆਪਣੀ ਭੁੱਲ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਮੁਆਫ਼ੀ ਮੰਗੀ ਹੈ। ਸ੍ਰੀ ਅਕਾਲ ਤਖਤ ਸਾਹਿਬ ਤੋਂ ਪ੍ਰਚਾਰਕ ਹਰਿੰਦਰ ਸਿੰਘ ਨੂੰ ਤਨਖਾਹ ਲਗਾਈ ਗਈ ਹੈ। ਸਿੱਖ ਪ੍ਰਚਾਰਕ ਹਰਿੰਦਰ ਸਿੰਘ ਦੇ ਪ੍ਰਚਾਰ ਕਰਨ ’ਤੇ ਲੱਗੀ ਰੋਕ ਹਟਾ ਦਿੱਤੀ ਗਈ ਹੈ। ਸਿੱਖ ਪ੍ਰਚਾਰਕ ਹਰਿੰਦਰ ਸਿੰਘ 2 ਦਿਨ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਘਰ ’ਚ ਰੋਜ਼ਾਨਾ ਇਕ ਘੰਟਾ ਜੂਠੇ ਬਰਤਨ ਮਾਂਝਣਗੇ ਅਤੇ 2 ਦਿਨ ਜਾਪ ਕਰਨਗੇ।

ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾ਼ਲਸਾ ਮੈਮੋਰੀਅਲ ਹਸਪਤਾਲ
ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









## SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'




## ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਵੱਲੋਂ

# ਬਿਜਲੀ ਘਰ ਮਮਦੋਟ ਵਿਖੇ ਰੋਸ ਪ੍ਰਦਸ਼ਨ ਕੀਤਾ ਗਿਆ

**ਫ਼ਿਰੋਜ਼ਪੁਰ**, 08 **ਦਸੰਬਰ (ਮਨੋਹਰ ਲਾਲ)** :— ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਵੱਲੋਂ ਬਿਜਲੀ ਘਰ ਮਮਦੋਟ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਬਿਜਲੀ ਸੋਧ ਬਿੱਲ 2025 ਦੀਆਂ ਕਾਪੀਆਂ ਸਾੜੀਆਂ ਗਈਆਂ। ਇਸ ਮੌਕੇ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਹੁਣ ਇਸ ਸੋਧ ਬਿੱਲ ਰਾਹੀਂ ਲੋਕਾਂ ਦੇ ਘਰਾਂ, ਦੁਕਾਨਾਂ ਅਤੇ

ਆਵਾਜ਼ਿ ਕੌਮ AWAZE QAUM
International Newspaper & WEB TV

ਕਾਰਖਾਨਿਆਂ ਨੂੰ ਬਿਜਲੀ ਵੇਚਣ ਦਾ ਅਧਿਕਾਰ ਪ੍ਰਾਈਵੇਟ ਨੂੰ ਦਿੱਤਾ ਜਾਵੇਗਾ, ਬਿਜਲੀ ਕੰਪਨੀਆਂ ਨੂੰ ਆਪਣੀਆਂ ਵੱਡੀਆਂ ਲਾਈਨਾਂ ਕੱਢਣ ਵਾਸਤੇ ਪੂਰਨ ਅਧਿਕਾਰ ਦਿੱਤਾ ਜਾਵੇਗਾ, ਲਾਈਨਾਂ ਕੱਢਣ ਦੇ ਲਈ ਜ਼ਮੀਨ ਹਾਸਿਲ ਕਰਨ ਦੇ ਪੂਰੇ ਅਧਿਕਾਰ ਕੇਂਦਰ ਸਰਕਾਰ ਦੀ ਬਿਜਲੀ ਲਾਈਨ ਅਥਾਰਟੀ ਕੋਲ ਹੋਣਗੇ, ਪ੍ਰਾਈਵੇਟ ਕੰਪਨੀਆਂ ਬਿਜਲੀ ਵਾਲੀਆਂ ਸਰਕਾਰੀ ਲਾਈਨਾਂ ਨੂੰ ਆਪਣੀ ਸਹੂਲਤ ਅਨੁਸਾਰ ਵਰਤ ਸਕਣਗੀਆਂ ਸਰਕਾਰੀ ਕੰਪਨੀ ਸਿਰਫ ਆਪਣਾ ਕਰਾਇਆ ਵਸੂਲ ਕਰ ਸਕੇਗੀ ਉਨ੍ਹਾਂ ਨੂੰ ਰੋਕ ਨਹੀਂ ਸਕੇਗੀ ਵੱਡੇ ਘਰਾਣਿਆਂ ਨੂੰ ਹੋਰ ਸਹੂਲਤਾਂ ਦੇਣ ਅਤੇ ਆਮ ਲੋਕਾਂ ਦਾ ਗੱਲ ਕੁੱਟਣ ਲਈ ਪੰਜ ਸਾਲਾਂ ਦੇ ਅੰਦਰ ਅੰਦਰ ਕ੍ਰਾਸ ਸਬਸਿਡੀ ਦਾ ਖਾਤਮਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੋਧ ਬਿਲ ਕਹਿੰਦਾ ਹੈ ਕਿ ਭਾਵੇਂ ਅੰਬਾਨੀ ਅਡਾਨੀ ਹੋਵੇ ਜਾਂ ਕੋਈ ਪਿੰਡ ਦਾ ਗਰੀਬ ਸਾਰਿਆਂ ਨੂੰ ਇੱਕੋ ਰੇਟ ਤੇ ਬਿਜਲੀ ਦਿੱਤੀ ਜਾਵੇਗੀ, ਖਪਤਕਾਰ ਨੂੰ ਬਿਜਲੀ ਦਾ ਬਿੱਲ ਸਾਰੇ ਖਰਚੇ ਜੋੜ ਕੇ ਭੇਜਿਆ ਜਾਵੇਗਾ, ਇਨ੍ਹਾਂ ਖਰਚਿਆਂ ਵਿੱਚ ਬਿਜਲੀ ਪੈਦਾ ਕਰਨ ਅਤੇ ਵੇਚਣ ਦੇ ਸਾਰੇ ਖਰਚੇ ਕੰਪਨੀ ਦਾ ਮੁਨਾਫਾ ਖਰਚੀ ਉਹੀ ਰਕਮ ਦਾ ਵਿਆਜ ਮਹੀਨੇ ਦੀ ਘਸਾਈ ਅਤੇ ਭਵਿੱਖ ਵਿੱਚ ਸਮਰੱਥਾ ਵਾਧਾ ਕਰਨ ਲਈ



ਹੋਣ ਵਾਲਾ ਖਰਚਾ ਸ਼ਾਮਿਲ ਹੋਵੇਗਾ ਇਹ ਸਾਰਾ ਬਿੱਲ ਖਪਤਕਾਰ ਨੂੰ ਭਰਨਾ ਪਵੇਗਾ, ਜੇਕਰ ਸੂਬਾ ਸਰਕਾਰ ਸਬਸਿਡੀ ਦੇਣਾ ਚਾਹੁੰਦੀ ਹੈ ਤਾਂ ਉਹ ਖਪਤਕਾਰ ਦੇ ਖਾਤੇ ਵਿੱਚ ਸਿੱਧੇ ਤੌਰ ਤੇ ਜਮ੍ਹਾਂ ਕਰਵਾਏਗੀ, ਇਸ ਦਾ ਮਤਲਬ ਲੋਕਾਂ ਨੂੰ ਪਹਿਲਾਂ ਪੂਰੇ ਰੇਟ ਤੇ ਪੂਰਾ ਬਿੱਲ ਭਰਨਾ ਪਵੇਗਾ ਅਤੇ ਮਗਰੋਂ ਸਰਕਾਰ ਤੁਹਾਡੇ ਖਾਤੇ ਵਿੱਚ ਸਬਸਿਡੀ ਦੀ ਰਕਮ ਪਾ ਦੇਵੇਗੀ ਜਿਵੇਂ ਗੈਸ ਦੀ ਸਬਸਿਡੀ ਘਟਾ ਕੇ ਨਾ ਮਾਤਰ ਕਰ ਦਿੱਤੀ ਗਈ ਹੈ ਉਸੇ ਤਰ੍ਹਾਂ ਸਰਕਾਰ ਹੌਲੀ—ਹੌਲੀ ਬਿਜਲੀ ਸਬਸਿਡੀ ਵੀ ਰੱਦ ਕਰ ਦੇਵੇਗੀ, ਜੇ ਇਹ ਬਿੱਲ ਪਾਸ ਹੋ ਕੇ ਕਾਨੂੰਨ ਬਣ ਗਿਆ ਤਾਂ ਟੈਰਿਫ ਤੈਹ ਕਰਨ ਅਤੇ ਬਿਜਲੀ ਸਬੰਧੀ ਨੀਤੀਆਂ ਬਣਾਉਣ ਦੇ ਸਾਰੇ ਅਧਿਕਾਰ ਕੇਂਦਰ ਸਰਕਾਰ ਕੋਲ ਚਲੇ ਜਾਣਗੇ। ਇਸ ਮੌਕੇ ਜਗੀਰ ਸਿੰਘ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ, ਅਮਰੀਕ ਸਿੰਘ ਜਿਲਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਭਾਰਤੀ ਕਿਸਾਨ ਯੂਨੀਅਨ ਮਾਨਸਾ ਜ਼ਿਲ੍ਹਾ ਪ੍ਰਧਾਨ ਪ੍ਰਕਾਸ਼ ਸਿੰਘ ਬਾਦਲ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਬੁੱਟਰ ਗਰੁੱਪ ਤੋਂ ਜ਼ਿਲਾ ਪ੍ਰਧਾਨ ਗੁਰਮੀਤ ਸਿੰਘ ਪੋਜੋਕੇ ਜਸਬੀਰ ਸਿੰਘ ਸੰਧੂ ਬਲਾਕ ਪ੍ਰਧਾਨ ਗੁਰੂ ਸਹਾਇਕਾਦੀਆਂ ਰੇਸ਼ਮ ਸਿੰਘ ਹਜ਼ਾਰਾਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਮਹਿੰਦਰ ਸਿੰਘ ਵਧਾਵਣ ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਮੇਜਰ ਸਿੰਘ ਰੰਧਾਵਾ ਭਾਰਤੀ ਕਿਸਾਨ ਯੂਨੀਅਨ ਮਾਨਸਾ ਮਨਪ੍ਰੀਤ ਸਿੰਘ ਮਮਦੋਟ ਬਲਾਕ ਪ੍ਰਧਾਨ ਕਾਦੀਆਂ ਸਿੰਘ ਦਰਸ਼ਨ ਸਿੰਘ ਕੜਮਾ ਜਿਲਾ ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਿਲਾ ਪ੍ਰੈੱਸ ਸਕਤਰ ਲਖਬੀਰ ਸਿੰਘ ਬਰਾੜ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ ਹਰਬੰਸ ਸਿੰਘ ਜੋਧਪੁਰੀ ਜਸਪਾਲ ਸਿੰਘ ਉੱਪਲ ਜਤਿੰਦਰ ਸਿੰਘ ਕੜਮਾ ਅੰਗਰੇਜ਼ ਸਿੰਘ ਪੰਜਾਬ ਸਿੰਘ ਬਲਾਕ ਗੁਰਭੇਜ ਸਿੰਘ ਟਿੱਬੀ ਆਦਿ ਹਾਜ਼ਰ ਸਨ।

ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ॥

# ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਦੁੱਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ

## ਸਵ: ਸਰਦਾਰਨੀ ਹਰਜਿੰਦਰ ਕੌਰ ਜੀ

ਧਰਮਪਤਨੀ ਬਾਬਾ ਸੁਖਵੰਤ ਸਿੰਘ ਚੰਨਣਕੇ

ਮਿਤੀ: 30.11.2025 ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦਿਆਂ ਅਕਾਲ ਪੁਰਖ ਵਾਹਿਗੁਰੂ ਦੇ ਹੁਕਮ ਅਨੁਸਾਰ ਪ੍ਰਲੋਕ ਗਮਨ ਕਰ ਗਏ ਹਨ। ਉਹਨਾਂ ਦੀ ਆਤਮਿਕ ਸ਼ਾਂਤੀ ਨਮਿੱਤ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦਾ ਭੋਗ ਉਹਨਾਂ ਦੇ ਗ੍ਰਹਿ ਪਿੰਡ ਚੰਨਣਕੇ (ਜਿਲ੍ਹਾ ਅੰਮ੍ਰਿਤਸਰ) ਵਿਖੇ ਪਵੇਗਾ।

ਉਪਰੰਤ ਅੰਤਿਮ ਅਰਦਾਸ ਅਤੇ ਕਥਾ-ਕੀਰਤਨ 11 ਤੋਂ 1 ਵਜੇ ਤੱਕ

## ਮਿਤੀ 9 ਦਸੰਬਰ 2025, ਦਿਨ ਮੰਗਲਵਾਰ ਨੂੰ

## ਗੁਰਦੁਆਰਾ ਸਾਹਿਬ ਬਾਬਾ ਚੰਨਣ ਜੀ

## ਪਿੰਡ ਚੰਨਣਕੇ (ਜਿਲ੍ਹਾ ਅੰਮ੍ਰਿਤਸਰ) ਵਿਖੇ ਹੋਵੇਗੀ।

ਆਪ ਜੀ ਨੇ ਅੰਤਿਮ ਅਰਦਾਸ 'ਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਵਾਹਿਗੁਰੂ ਦੇ ਭਾਣੇ 'ਚ

ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਸਮੂਹ ਪਰਿਵਾਰ

ਮੋ: 99886-02656, 98782-12416, 98145-61418, 98155-06439

## ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ’ਚ ਹੋਏ ਮਹੱਤਵਪੂਰਨ ਫ਼ੈਸਲੇ

# ਕਈ ਧਾਰਮਿਕ ਮਾਮਲਿਆਂ ’ਚ ਲੱਗੀਆਂ ਤਨਖਾਹਾਂ, ਖਿਮਾ ਜਾਚਨਾਵਾਂ ਪ੍ਰਵਾਨ





**ਨਵੀਂ ਦਿੱਲੀ, 8 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):-** ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਅੱਜ ਪੰਜ ਸਿੰਘ ਸਾਹਿਬਾਨ ਦੀ ਮਹੱਤਵਪੂਰਨ ਇਕੱਤਰਤਾ ਹੋਈ, ਜਿਸ ਵਿੱਚ ਵੱਖ-ਵੱਖ ਮਾਮਲਿਆਂ ਉੱਤੇ ਵਿਚਾਰ ਕਰਦਿਆਂ ਸਬੰਧਤ ਸ਼ਖ਼ਸੀਅਤਾਂ ਵੱਲੋਂ ਕੀਤੀਆਂ ਗਈਆਂ ਗਲਤੀਆਂ ਬਾਰੇ ਫ਼ੈਸਲੇ ਸੁਣਾਏ ਗਏ। ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜੁਗਿੰਦਰ ਸਿੰਘ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰੇ ਗਿਆਨੀ ਮੰਗਲ ਸਿੰਘ ਸ਼ਾਮਲ ਸਨ।

ਇਕੱਤਰਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਅਕਾਲੀ ਦਲ ਦੇ ਆਗੂ ਵਿਰਸਾ ਸਿੰਘ ਵਲਟੋਹਾ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਕਰਮਜੀਤ ਸਿੰਘ, ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ, ਨਿਰਵੈਰ ਖ਼ਾਲਸਾ ਜਥਾ ਯੂਕੇ ਦੇ ਸਿੱਖ ਪ੍ਰਚਾਰਕ ਭਾਈ ਹਰਿੰਦਰ ਸਿੰਘ ਸਮੇਤ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜਾ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਗੁਰਪੁਰਬ ਇੱਕੋ ਦਿਨ 27 ਦਸੰਬਰ ਨੂੰ ਆਉਣ ਸਬੰਧੀ ਅਤੇ ਗੁਰਮਤਿ ਸੰਗੀਤ ਸ਼ੈਲੀ ਨੂੰ ਸੰਭਾਲ ਸਬੰਧੀ ਅਹਿਮ ਵਿਚਾਰਾਂ ਤੇ ਫੈਸਲੇ ਹੋਏ।

ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੱਦੇ ਗਏ ਸਾਰੀਆਂ ਸ਼ਖ਼ਸੀਅਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਪੇਸ਼ ਹੋਈਆਂ ਅਤੇ ਉਨ੍ਹਾਂ ਆਪਣੀਆਂ ਗਲਤੀਆਂ ਸਵਿਕਾਰ ਕਰਦਿਆਂ ਮੁਆਫ਼ੀ ਮੰਗੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਪੰਥਕ ਰਵਾਇਤ ਤੇ ਮਰਯਾਦਾ ਅਨੁਸਾਰ ਪੰਜ ਸਿੰਘ ਸਾਹਿਬਾਨ ਵੱਲੋਂ ਤਨਖਾਹਾਂ ਲਗਾਈਆਂ ਗਈਆਂ।

ਗੁਰੂ ਨਾਨਕ ਦੇਵ ਯੂਨੀਵਰਸਿਟੀ, ਸ੍ਰੀ ਅੰਮ੍ਰਿਤਸਰ ਦੇ ਉਪ-ਕੁਲਪਤੀ ਡਾ. ਕਰਮਜੀਤ ਸਿੰਘ ਉੱਤੇ ਦੱਖਣ ਭਾਰਤ ਵਿਚ ਹੋਏ ਇੱਕ ਸਮਾਗਮ ਦੌਰਾਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਇੱਕ ਚੇਅਰ ਦੇ ਸੋਧ ਕਾਰਜਾਂ ਰਾਹੀਂ ਸਿੱਖਾਂ ਦੀ ਵਿਲੱਖਣ ਹੋਂਦ ਦੇ ਵਿਰੁੱਧ ਪ੍ਰਗਟਾਵਾ ਕਰਨ ਦਾ ਦੋਸ਼ ਲੱਗਾ ਸੀ। ਉਨ੍ਹਾਂ ਨੇ ਅੱਜ ਪੇਸ਼ ਹੋ ਕੇ ਆਪਣੀ ਗਲਤੀ ਮੰਨੀ ਅਤੇ ਖਿਮਾ ਜਾਚਨਾ ਕੀਤੀ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਡਾ. ਕਰਮਜੀਤ ਸਿੰਘ ਨੂੰ ਤਨਖਾਹ ਲਗਾਈ ਗਈ ਜਿਸ ਤਹਿਤ ਉਹ ਦੋ ਦਿਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਹਾਲ ਵਿੱਚ ਇੱਕ-ਇੱਕ ਘੰਟਾ ਜੂਠੇ ਭਾਂਡੇ ਮਾਂਜਣ ਤੋਂ ਇਲਾਵਾ ਜੋੜਾ ਘਰ ਅੰਦਰ ਸੰਗਤ ਦੇ ਜੋੜੇ ਝਾੜਨਗੇ। ਉਹ ਪੰਜ ਦਿਨ ਨਿਤਨੇਮ ਤੋਂ ਇਲਾਵਾ ਇੱਕ ਪਾਠ ਸ੍ਰੀ ਜਪੁਜੀ ਸਾਹਿਬ, ਆਸਾ ਦੀ ਵਾਰ, ਤ੍ਵ ਪ੍ਰਸਾਦਿ ਸਵੱਯੇ ਦਾ ਵੀ ਕਰਨਗੇ। ਡਾ. ਕਰਮਜੀਤ ਸਿੰਘ ਭਾਈ ਕਾਨ੍ਹ ਸਿੰਘ ਨਾਭਾ ਦੀ ਲਿਖੀ ਪੁਸਤਕ “ਹਮ ਹਿੰਦੂ ਨਹੀਂ” ਪੜ੍ਹਨਗੇ ਅਤੇ ਇਸ ਪੁਸਤਕ ਦੀਆਂ 500 ਕਾਪੀਆਂ ਸੰਗਤ ਵਿੱਚ ਵੀ ਵੰਡਣਗੇ। ਤਨਖਾਹ ਪੂਰੀ ਹੋਣ ਉੱਤੇ 1100 ਰੁਪਏ ਦੀ ਕੜਾਹ ਪ੍ਰਸ਼ਾਦ ਦੀ ਦੇਗ ਤੇ ਗੋਲਕ ’ਚ 1100 ਰੁਪਏ ਜਮ੍ਹਾਂ ਕਰਵਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕਰਵਾਉਗੇ।

ਜਸਵੰਤ ਸਿੰਘ ਨੇ ਸ੍ਰੀਨਗਰ ਦੇ ਟੈਗੋਰ ਹਾਲ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਨਾਚ-ਗਾਣੇ ਦਾ ਪ੍ਰੋਗਰਾਮ ਕਰਵਾਇਆ, ਜਿਸ ਨਾਲ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਸੱਟ ਵੱਜੀ। ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਖਿਮਾ ਜਾਚਨਾ ਕੀਤੀ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਸਵੰਤ ਸਿੰਘ ਨੂੰ ਸਖ਼ਤ ਹਦਾਇਤ ਕੀਤੀ ਗਈ। ਕੀਤੇ ਗਏ ਆਦੇਸ਼ ਵਿੱਚ ਕਿਹਾ ਗਿਆ ਕਿ ਜਸਵੰਤ ਸਿੰਘ ਸਾਹਿਤਕ ਖੇਤਰ ਵਿਚ ਕਾਰਜਸ਼ੀਲ ਹਨ ਅਤੇ ਇਨ੍ਹਾਂ ਦੀਆਂ ਕੁਝ ਲਿਖਤਾਂ ਵਿਚ ਗੁਰੂ ਸਾਹਿਬਾਨ ਪ੍ਰਤੀ ਪੂਰਨ ਅਦਬ ਸਤਿਕਾਰ ਦੀ ਕਮੀ ਵੀ ਸਾਹਮਣੇ ਆਈ ਹੈ। ਇਸ ਲਈ ਜਸਵੰਤ ਸਿੰਘ ਆਪਣੀ ਲਿਖਤਾਂ ਵਿਚ ਗੁਰੂ ਸਾਹਿਬਾਨ, ਸਤਿਕਾਰਤ ਸਿੱਖ ਸ਼ਖਸ਼ੀਅਤਾਂ ਬਾਰੇ ਲਿਖਣ/ਬੋਲਣ ਲੱਗਿਆਂ ਅਦਬ ਅਤੇ ਸਤਿਕਾਰ ਦਾ ਪੂਰਨ ਖਿਆਲ ਰੱਖੇ। ਕੀਤੇ ਗਏ ਆਦੇਸ਼ ਅਨੁਸਾਰ ਜਸਵੰਤ ਸਿੰਘ ਦੋ ਦਿਨ ਗੁਰਦੁਆਰਾ ਦੂਖਨਿਵਾਰਨ ਸਾਹਿਬ ਪਟਿਆਲਾ ਦੇ ਲੰਗਰ ਹਾਲ ਵਿਖੇ ਇੱਕ ਘੰਟਾ ਜੂਠੇ ਭਾਂਡੇ ਮਾਂਜਣਗੇ ਅਤੇ ਇੱਕ ਘੰਟਾ ਸੰਗਤ ਦੇ ਜੋੜੇ ਝਾੜਣਗੇ। ਇਸ ਦੇ ਨਾਲ ਹੀ ਉਹ ਚਾਰ ਦਿਨ ਨਿਤਨੇਮ ਤੋਂ ਇਲਾਵਾ ਸ੍ਰੀ ਜਪੁਜੀ ਸਾਹਿਬ, ਸੁਖਮਨੀ ਸਾਹਿਬ, ਜਫਰਨਾਮਾ ਦਾ ਇੱਕ-ਇੱਕ ਪਾਠ ਕਰਨਗੇ। ਜਸਵੰਤ ਸਿੰਘ ਨੂੰ ਪ੍ਰਿੰਸੀਪਲ ਸਤਬੀਰ ਸਿੰਘ ਦੀ ਲਿਖੀ ਪੁਸਤਕ ‘ਇਤਿ ਜਿਨਿ ਕਰੀ - ਜੀਵਨ ਸ੍ਰੀ ਗੁਰੂ ਤੇਗ. ਬਹਾਦਰ ਜੀ’ ਪੜ੍ਹਣ ਅਤੇ ਇਸ ਦੀਆਂ 100 ਕਾਪੀਆਂ ਸੰਗਤ ਵਿੱਚ ਵੰਡਣ ਦਾ ਵੀ ਆਦੇਸ਼ ਕੀਤਾ ਗਿਆ ਹੈ। ਇਸ ਉਪਰੰਤ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 1100 ਰੁਪਏ ਦੀ ਕੜਾਹ ਪ੍ਰਸ਼ਾਦ ਦੀ ਦੇਗ ਤੇ ਗੋਲਕ ਵਿੱਚ 1100 ਰੁਪਏ ਜਮ੍ਹਾਂ ਕਰਵਾ ਕੇ ਅਰਦਾਸ ਕਰਵਾਉਣਗੇ।

ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਸੌਧਾ ਸਾਧ ਗੁਰਮੀਤ ਰਾਮ ਰਹੀਮ ਨੂੰ ਖਿਮਾ ਦੇਣ ਸਬੰਧੀ ਕੀਤੀ ਗਲਤੀ ਲਈ ਖਿਮਾ ਜਾਚਨਾ ਕੀਤੀ, ਜਿਸ ਨੂੰ ਪੰਜ ਸਿੰਘ ਸਾਹਿਬਾਨ ਨੇ ਪ੍ਰਵਾਨ ਕੀਤਾ। ਗਿਆਨੀ ਗੁਰਬਚਨ ਸਿੰਘ ਨੂੰ ਤਨਖਾਹ ਲਗਾਈ ਗਈ ਕਿ ਉਹ ਦੋ ਦਿਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿੱਚ ਇੱਕ ਘੰਟਾ ਭਾਂਡੇ ਮਾਂਜਣਗੇ ਅਤੇ ਇੱਕ ਘੰਟਾ ਜੋੜੇ ਝਾੜਣਗੇ। ਉਨ੍ਹਾਂ ਨੂੰ ਨਿਤਨੇਮ ਤੋਂ ਇਲਾਵਾ ਦੋ ਦਿਨ ਸ੍ਰੀ ਜਪੁਜੀ ਸਾਹਿਬ, ਆਸਾ ਦੀ ਵਾਰ, ਜਾਪੁ ਸਾਹਿਬ ਦੇ ਇੱਕ-ਇੱਕ ਪਾਠ ਕਰਨ ਦੀ ਵੀ ਸੇਵਾ ਲੱਗੀ। ਇਸ ਉਪਰੰਤ ਉਹ 1100 ਰੁਪਏ ਦੀ ਕੜਾਹ ਪ੍ਰਸ਼ਾਦ ਦੀ ਦੇਗ ਅਤੇ 1100 ਰੁਪਏ ਗੋਲਕ ਵਿੱਚ ਪਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕਰਵਾਉਣਗੇ।

ਨਿਰਵੈਰ ਖ਼ਾਲਸਾ ਜਥਾ ਯੂਕੇ ਤੋਂ ਭਾਈ ਹਰਿੰਦਰ ਸਿੰਘ ਨੇ ਗੁਰਮਤਿ ਪ੍ਰਤੀ ਕੀਤੀਆਂ ਗਲਤ ਬਿਆਨੀਆਂ ਲਈ ਖਿਮਾ ਜਾਚਨਾ ਕੀਤੀ। ਪੱਖ ਸੁਣਨ ਤੋਂ ਬਾਅਦ ਪੰਜ ਸਿੰਘ ਸਾਹਿਬਾਨ ਨੇ ਉਨ੍ਹਾਂ ਦੀ ਮੁਆਫ਼ੀ ਪ੍ਰਵਾਨ ਕਰਦਿਆਂ ਪ੍ਰਚਾਰ ’ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲਗਾਈ ਰੋਕ ਹਟਾ ਦਿੱਤੀ। ਸ੍ਰੀ ਅਕਾਲ ਤਖ਼ਤ ਸਾਹਿਬ ਨੇ ਆਦੇਸ਼ ਕੀਤਾ ਕਿ ਭਾਈ ਹਰਿੰਦਰ ਸਿੰਘ ਅਗਾਂਹ ਲਈ ਪ੍ਰਚਾਰ ਸਿਰਫ਼ ਸ੍ਰੀ ਗੁਰੂ ਗ੍ਰੰਥ ਸਾਹਿਬ, ਸਿੱਖ ਰਹਿਤ ਮਰਯਾਦਾ ਅਤੇ ਪੰਥਕ ਰਵਾਇਤਾਂ ਅਨੁਸਾਰ ਕਰਨਗੇ ਅਤੇ ਕਿਸੇ ਵੀ ਜਥੇਬੰਦੀ ਬਾਰੇ ਨਿੱਜੀ ਟਿੱਪਣੀ ਕਰਨ ’ਤੇ ਪਾਬੰਦੀ ਰਹੇਗੀ। ਉਨ੍ਹਾਂ ਨੂੰ ਸਿੱਖ ਸਾਖੀਆਂ ਅਤੇ ਗੁਰੂ ਇਤਿਹਾਸ ਰਾਹੀਂ ਸੰਗਤਾਂ ਵਿੱਚ ਸ਼ਰਧਾ ਪੈਦਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਭਾਈ ਹਰਿੰਦਰ ਸਿੰਘ ਦੋ ਦਿਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਇੱਕ ਘੰਟਾ ਜੂਠੇ ਭਾਂਡੇ ਮਾਂਜਣਗੇ ਅਤੇ ਇੱਕ ਘੰਟਾ ਸੰਗਤ ਦੇ ਜੋੜੇ ਝਾੜਣਗੇ। ਸੇਵਾ। ਉਹ ਨਿਤਨੇਮ ਤੋਂ ਇਲਾਵਾ ਦੋ ਦਿਨ ਸ੍ਰੀ ਜਪੁਜੀ ਸਾਹਿਬ, ਸ੍ਰੀ ਅਨੰਦ ਸਾਹਿਬ 40 ਪਉੜੀਆਂ ਅਤੇ ਜਫਰਨਾਮਾ ਦਾ ਪਾਠ ਕਰਨਗੇ। ਤਨਖਾਹ ਪੂਰ ਹੋਣ ਉਪਰੰਤ ਭਾਈ ਹਰਿੰਦਰ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪਾਵਨ ਸਰੋਵਰ ਵਿੱਚ ਇਸ਼ਨਾਨ ਕਰਕੇ 1100 ਰੁਪਏ ਦੀ ਕੜਾਹ ਪ੍ਰਸ਼ਾਦ ਦੀ ਦੇਗ ਅਤੇ 1100 ਰੁਪਏ ਗੋਲਕ ਵਿੱਚ ਪਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕਰਵਾਉਣਗੇ।

ਅਕਾਲੀ ਦਲ ਦੇ ਆਗੂ ਵਿਰਸਾ ਸਿੰਘ ਵਲਟੋਹਾ ਉੱਤੇ ਬੀਤੇ ਸਮੇਂ ਸਤਿਕਾਰਯੋਗ ਸਿੰਘ ਸਾਹਿਬਾਨ ਖ਼ਿਲਾਫ਼ ਬੇਬੁਨਿਆਦ ਗੱਲਾਂ ਕਰਨ ਦਾ ਦੋਸ਼ ਸੀ, ਜਿਸ ਸਬੰਧੀ ਅੱਜ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਪੇਸ਼ ਹੋ ਕੇ ਖਿਮਾ ਜਾਚਨਾ ਕੀਤੀ। ਪੰਜ ਸਿੰਘ ਸਾਹਿਬਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮਤਾ ਨੰਬਰ ਅ:ਤ/202 ਮਿਤੀ 15 ਅਕਤੂਬਰ 2024 ਅਨੁਸਾਰ ਵਿਰਸਾ ਸਿੰਘ ਵਲਟੋਹਾ ਉੱਤੇ ਸ਼ੋਮਣੀ ਅਕਾਲੀ ਦਲ ਵਿੱਚੋਂ ਦਸ ਸਾਲ ਦੀ ਲਗਾਈ ਗਈ ਰੋਕ ਹਟਾ ਦਿੱਤੀ ਹੈ। ਵਿਰਸਾ ਸਿੰਘ ਵਲਟੋਹਾ ਨੂੰ ਆਦੇਸ਼ ਕੀਤਾ ਗਿਆ ਹੈ ਕਿ ਉਹ ਭਵਿੱਖ ਵਿੱਚ ਕਿਸੇ ਵੀ ਧਾਰਮਿਕ ਸ਼ਖ਼ਸੀਅਤ ਵਿਰੁੱਧ ਬਿਆਨਬਾਜ਼ੀ ਨਹੀਂ ਕਰਨਗੇ। ਆਦੇਸ਼ ਕੀਤਾ ਗਿਆ ਹੈ ਕਿ ਉਨ੍ਹਾਂ ਨੇ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲਿਆਂ ਦਾ ਸਾਥ ਮਾਣਿਆ ਹੈ, ਇਸ ਲਈ ਅਗਾਂਹ ਤੋਂ ਧਿਆਨ ਰੱਖਣ ਕਿ ਬੋਲਚਾਲ ਵਿੱਚ ਸੰਜਮ ਅਤੇ ਇਤਫ਼ਾਕ ਹੋਵੇ। ਖ਼ਾਲਸਾ ਪੰਥ ਦਾ ਕਿਰਦਾਰ ਬਹੁਤ ਉੱਚਾ ਹੈ, ਇਸ ਲਈ ਸ਼ਬਦਾਂ ਦੀ ਮਰਯਾਦਾ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਵਿਰਸਾ ਸਿੰਘ ਵਲਟੋਹਾ ਤਿੰਨ ਦਿਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਦੋ ਦਿਨ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਅਤੇ ਇੱਕ-ਇੱਕ ਦਿਨ ਤਖ਼ਤ ਸ੍ਰੀ ਦਮਦਮਾ ਸਾਹਿਬ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਇੱਕ-ਇੱਕ ਘੰਟਾ ਭਾਂਡੇ ਮਾਂਜਣਗੇ ਅਤੇ ਜੋੜੇ ਝਾੜਣਗੇ। ਉਹ ਨਿਤਨੇਮ ਤੋਂ ਇਲਾਵਾ 11 ਦਿਨ ਸ੍ਰੀ ਜਪੁਜੀ ਸਾਹਿਬ, ਕਬਿਯੋਬਾਚ ਬੇਨਤੀ ਚੌਪਈ ਅਤੇ ਰਾਮਕਲੀ ਕੀ ਵਾਰ ਰਾਇ ਬਲਵੰਡਿ ਤਥਾ ਸਤੈ ਡੂਮਿ ਆਖੀ ਦਾ ਇੱਕ ਪਾਠ ਕਰਨਗੇ। ਉਪਰੰਤ 1100 ਦੀ ਕੜਾਹ ਪ੍ਰਸ਼ਾਦ ਦੀ ਦੇਗ ਅਤੇ 1100 ਰੁਪਏ ਗੋਲਕ ਵਿੱਚ ਜਮ੍ਹਾਂ ਕਰਵਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕਰਵਾਉਣਗੇ।

ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਛੋਟੇ ਸਾਹਿਬਾਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਗੁਰਪੁਰਬ ਇੱਕੋ ਦਿਨ 27 ਦਸੰਬਰ ਨੂੰ ਆਉਣ ਅਤੇ ਇਸ ਸਬੰਧੀ ਸੰਗਤ ਦੇ ਪੁੱਜੇ ਸੁਝਾਵਾਂ ਅਤੇ ਮੰਗਾਂ ਉੱਤੇ ਵੀ ਦੀਰਘ ਵਿਚਾਰ ਵਟਾਂਦਰਾ ਕੀਤਾ ਗਿਆ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਮਿਤੀ ਵਿੱਚ ਕੋਈ ਤਬਦੀਲੀ ਨਹੀਂ ਕੀਤੀ ਗਈ ਹੈ ਅਤੇ ਕੈਲੰਡਰ ਦੇ ਮੁਤਾਬਕ ਇਹ ਪੁਰਬ 27 ਦਸੰਬਰ ਨੂੰ ਹੀ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸੰਗਤ ਨੂੰ ਲੱਗਦਾ ਹੈ ਕਿ ਸ਼ਹੀਦੀ ਦਿਹਾੜਿਆਂ ਦੇ ਵਿਚਕਾਰ ਉਨ੍ਹਾਂ ਨੂੰ ਪ੍ਰਕਾਸ਼ ਗੁਰਪੁਰਬ ਮਨਾਉਣ ਵਿੱਚ ਕੋਈ ਦਿੱਕਤ ਪਰੇਸ਼ਾਨੀ ਆ ਸਕਦੀ ਹੈ ਤਾਂ ਆਪਣੀ ਸਹੂਲਤ ਮੁਤਾਬਕ ਛੁੱਟੀ ਦੇਖ ਕੇ ਗੁਰੂ ਸਾਹਿਬ ਨੂੰ ਸਮਰਪਿਤ ਸਮਾਗਮ ਕਰਵਾਏ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਗੁਰਮਤਿ ਅਨੁਸਾਰ ਸਿੱਖਾਂ ਲਈ ਸ਼ਹਾਦਤਾਂ ਚੜ੍ਹਦੀ ਕਲਾ ਦਾ ਪ੍ਰਤੀਕ ਹਨ ਅਤੇ ਸਾਡਾ ਪ੍ਰਕਾਸ਼ ਗੁਰਪੁਰਬ ਅਤੇ ਸ਼ਹੀਦੀ ਦਿਹਾੜਿਆਂ ਨੂੰ ਮਨਾਉਣ ਦਾ ਤਰੀਕਾ ਗੁਰਮਤਿ ਸਮਾਗਮ ਹੀ ਹਨ, ਇਸ ਲਈ ਇਸ ਮਾਮਲੇ ਉੱਤੇ ਏਤਕਾ ਇਤਫ਼ਾਕ ਨਾਲ ਸਮਾਗਮ ਉਲੀਕਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸਿੱਖ ਸੰਗਤਾਂ ਪ੍ਰਕਾਸ਼ ਗੁਰਪੁਰਬ ਅਤੇ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਸਮਾਗਮ ਕਈ-ਕਈ ਦਿਨ ਕਰਦੀਆਂ ਹਨ, ਇਸ ਲਈ ਸਮੂਹ ਸੰਗਤਾਂ ਦਸਵੇਂ ਪਾਤਸ਼ਾਹ ਦਾ ਪ੍ਰਕਾਸ਼ ਗੁਰਪੁਰਬ ਪ੍ਰੇਮ ਭਾਵਨਾ ਨਾਲ ਮਨਾਉਣ।

ਇਸੇ ਤਰ੍ਹਾਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਰਾਗ ਅਧਾਰਿਤ ਗੁਰਮਤਿ ਸੰਗੀਤ ਸ਼ੈਲੀ ਨੂੰ ਸੰਭਾਲਣ ਲਈ ਵੀ ਪੁੱਜੇ ਮਾਮਲੇ ਵਿਚਾਰੇ ਗਏ। ਇਕੱਤਰਤਾ ਵਿੱਚ ਗੁਰਮਤਿ ਸੰਗੀਤ ਵਿੱਚ ਕਾਰਜਸ਼ੀਲ ਰਾਗੀ ਜਥੇ ਭਾਈ ਕੁਲਵਿੰਦਰ ਸਿੰਘ ਖਰੜ ਅਤੇ ਭਾਈ ਮਹਿਤਾਬ ਸਿੰਘ ਜਲੰਧਰ ਵਿਰੁੱਧ ਪੁੱਜੀਆਂ ਸ਼ਿਕਾਇਤਾਂ ਦਾ ਮਾਮਲਾ ਵਿਚਾਰਿਆ ਗਿਆ ਕਿ ਇਨ੍ਹਾਂ ਵੱਲੋਂ ਅਕਸਰ ਹੀ ਗੁਰਬਾਣੀ ਕੀਰਤਨ ਗਾਇਨ ਕਰਦਿਆਂ ਅਜ਼ਾਨ ਦੀ ਤਰ੍ਹਾਂ ਉੱਚੀ ਗਾਇਨ ਕੀਤਾ ਜਾਂਦਾ ਹੈ ਜੋ ਕਿ ਵਿਲੱਖਣ ਗੁਰਮਤਿ ਸੰਗੀਤ ਸ਼ੈਲੀ ਦਾ ਹਿੱਸਾ ਨਹੀਂ ਅਤੇ ਕੀਰਤਨ ਨੂੰ ਰਲਗੱਡ ਕਰਨ ਵਾਲੀ ਗੱਲ ਹੈ। ਇਸ ਸਬੰਧੀ ਪੰਜ ਸਿੰਘ ਸਾਹਿਬਾਨ ਨੇ ਭਾਈ ਕੁਲਵਿੰਦਰ ਸਿੰਘ ਖਰੜ ਅਤੇ ਭਾਈ ਮਹਿਤਾਬ ਸਿੰਘ ਜਲੰਧਰ ਨੂੰ ਸਖ਼ਤ ਹਦਾਇਤ ਕੀਤੀ ਹੈ ਕਿ ਅਗਾਂਹ ਤੋਂ ਇਹ ਦੋਵੇਂ ਕੀਰਤਨ ਕਰਨ ਸਮੇਂ ਕੇਵਲ ਨਿਰਧਾਰਿਤ ਰਾਗ ਅਧਾਰਿਤ ਗੁਰਮਤਿ ਸੰਗੀਤ ਸ਼ੈਲੀ ਅਨੁਸਾਰ ਹੀ ਗਾਇਨ ਕਰਨ। ਇਸ ਦੇ ਨਾਲ ਹੀ ਪੰਜ ਸਿੰਘ ਸਾਹਿਬਾਨ ਨੇ ਪੰਥ ਵਿੱਚ ਕਾਰਜਸ਼ੀਲ ਸਮੂਹ ਰਾਗੀ ਸਿੰਘਾਂ ਨੂੰ ਵੀ ਆਦੇਸ਼ ਕੀਤਾ ਹੈ ਕਿ ਕੇਵਲ ਨਿਰਧਾਰਿਤ ਰਾਗ ਅਧਾਰਿਤ ਗੁਰਮਤਿ ਸੰਗੀਤ ਸ਼ੈਲੀ ਅਨੁਸਾਰ ਹੀ ਗੁਰਬਾਣੀ ਗਾਇਨ ਕੀਤੀ ਜਾਵੇ। ••

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਉਮੀਦਵਾਰਾਂ ਦੇ ਪ੍ਰਚਾਰ ਲਈ ਮਾਣੂੰਕੇ ਪਹੁੰਚੇ

# ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਉਮੀਦਵਾਰਾਂ ਨੂੰ ਵੋਟ ਦੇਣ ਦੀ ਕੀਤੀ ਅਪੀਲ









**ਜਗਰਾਉਂ -(ਵਰਿਆਮ ਹਠੂਰ)**-ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਨੂੰ ਲੈ ਕੇ ਵੱਖ ਵੱਖ ਰਾਜਨੀਤਿਕ ਪਾਰਟੀਆਂ ਵੱਲੋਂ ਆਪੋ-ਆਪਣੇ ਉਮੀਦਵਾਰਾਂ ਨੂੰ ਜਿਤਾਉਣ ਲਈ ਪੂਰਾ ਜ਼ੋਰ ਲਾਇਆ ਜਾ ਰਿਹਾ ਹੈ।ਅੱਜ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਹਲਕਾ ਜਗਰਾਉਂ ਦੇ ਪਿੰਡਾਂ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰਨ ਲਈ ਸੀਨੀਅਰ ਲੀਡਰਸ਼ਿਪ ਸਮੇਤ ਪਹੁੰਚੇ, ਇਤਿਹਾਸਕ ਪਿੰਡ ਮਾਣੂੰਕੇ ਦੀ ਧਰਮਸ਼ਾਲਾ ਵਿੱਚ ਕਾਂਗਰਸ ਵੱਲੋਂ ਚੋਣ ਮੈਦਾਨ ਵਿੱਚ ਉਤਾਰੇ ਮਾਣੂੰਕੇ ਜੋਨ ਤੋਂ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਬੀਬੀ ਬਲਜਿੰਦਰ ਕੌਰ, ਬਲਾਕ ਸੰਮਤੀ ਦੇ ਉਮੀਦਵਾਰ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਰਣਯੋਧ ਸਿੰਘ ਜੋਧਾ ਹਠੂਰ, ਸਮੇਤ ਹੋਰ ਵੀ ਵੱਖ ਵੱਖ ਥਾਵਾਂ ਤੋਂ ਕਾਂਗਰਸ ਵੱਲੋਂ ਚੋਣ ਲੜ ਰਹੇ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰਨ ਲਈ ਪੁੱਜੇ, ਪਿੰਡ ਮਾਣੂੰਕੇ ਦੀ ਧਰਮਸ਼ਾਲਾ ਵਿੱਚ ਸਭ ਤੋਂ ਪਹਿਲਾਂ ਕਾਂਗਰਸ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਹਾਰ ਪਾ ਕੇ ਪ੍ਰਬੰਧਕਾਂ ਵੱਲੋਂ ਸਵਾਗਤ ਕੀਤਾ ਗਿਆ, ਉਸ ਤੋਂ ਬਾਅਦ ਕਾਂਗਰਸ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਹਿੱਸੋਵਾਲ ਨੇ ਇਕੱਤਰ ਲੋਕਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਈ, ਅਤੇ ਕਾਂਗਰਸ ਵੱਲੋਂ ਚੋਣ ਮੈਦਾਨ ਵਿੱਚ ਉਤਾਰੇ ਮਾਣੂੰਕੇ ਜੋਨ ਤੋਂ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਬੀਬੀ ਬਲਜਿੰਦਰ ਕੌਰ, ਬਲਾਕ ਸੰਮਤੀ ਦੇ ਉਮੀਦਵਾਰ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਰਣਜੋਧ ਸਿੰਘ ਜੋਧਾ ਹਠੂਰ, ਅਤੇ ਹੋਰ ਕਾਂਗਰਸੀ ਉਮੀਦਵਾਰਾਂ ਨੂੰ ਜਿਤਾਉਣ ਲਈ ਲੋਕਾਂ ਨੂੰ ਅਪੀਲ ਕੀਤੀ, ਇਸ ਮੌਕੇ ਕਾਂਗਰਸ ਦੇ ਸੀਨੀਅਰ ਆਗੂ ਮੇਜ਼ਰ ਸਿੰਘ ਮੁੱਲਾਂਪੁਰ ਨੇ ਵੀ ਇਕੱਤਰ ਲੋਕਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਈ ਤੇ ਕਾਂਗਰਸੀ ਉਮੀਦਵਾਰਾਂ ਨੂੰ ਜਿਤਾਉਣ ਲਈ ਅਪੀਲ ਕੀਤੀ, ਇਸ ਮੌਕੇ ਬੋਲਦਿਆਂ ਕਾਂਗਰਸ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਨੂੰ ਲੁੱਟਣ ਅਤੇ ਕੁੱਟਣ ਤੇ ਲੱਗੀ ਹੋਈ ਹੈ। ਤੇ ਬੱਸ ਆਖ਼ਰੀ ਸਾਹਾਂ ਤੇ ਹੈ। ਪੰਜਾਬ ਦੇ ਲੋਕ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਪੂਰੀ ਤਰ੍ਹਾਂ ਸਫ਼ਾਇਆ ਕਰ ਦੇਣਗੇ, ਉਨ੍ਹਾਂ ਕਿਹਾ ਕਿ ਅੱਜ ਹਰ ਵਰਗ ਦੇ ਲੋਕ ਤੇ ਵੱਖ ਵੱਖ ਮਹਿਕਮਿਆਂ ਦੇ ਕਰਮਚਾਰੀ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ ਤੇ ਧਰਨੇ ਲਾਉਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ ਮੌਕੇ ਕਾਂਗਰਸ ਦੀ ਸਰਕਾਰ ਬਣਨ ਤੋਂ ਬਾਅਦ ਕਾਂਗਰਸ ਪਾਰਟੀ ਹਰ ਵਰਗ ਦੇ ਲੋਕਾਂ ਦੀ ਬਾਂਹ ਫੜੇਗੀ, ਅੰਤ ਵਿੱਚ ਉਨ੍ਹਾਂ ਜ਼ਿਲ੍ਹਾ ਪ੍ਰੀਸ਼ਦ ਦੇ ਮਾਣੂੰਕੇ ਜੋਨ ਤੋਂ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ, ਬਲਾਕ ਸੰਮਤੀ ਦੇ ਉਮੀਦਵਾਰ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਅਤੇ ਰਣਯੋਧ ਸਿੰਘ ਜੋਧਾ ਹਠੂਰ ਸਮੇਤ ਹਲਕੇ ਵਿੱਚ ਜਿੰਨੇ ਵੀ ਕਾਂਗਰਸੀ ਉਮੀਦਵਾਰ ਚੋਣ ਲੜ ਰਹੇ ਹਨ ਉਨ੍ਹਾਂ ਦੀ ਡਟ ਕੇ ਸਪੋਟ ਕਰਨ ਲਈ ਅਪੀਲ ਕੀਤੀ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਬਹੁ ਗਿਣਤੀ ਸੀਟਾਂ ਤੇ ਜਿੱਤ ਹਾਸਲ ਕਰੇਗੀ, ਅੰਤ ਵਿੱਚ ਪ੍ਰਬੰਧਕਾਂ ਵੱਲੋਂ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਇਹ ਮੌਕੇ ਜ਼ਿਲ੍ਹਾ ਪ੍ਰੀਸ਼ਦ ਦੇ ਮਾਣੂੰਕੇ ਜੋਨ ਤੋਂ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ, ਐਡਵੋਕੇਟ ਗੁਰਮੇਲ ਸਿੰਘ ਭੰਮੀਪੁਰਾ, ਬਲਾਕ ਸੰਮਤੀ ਉਮੀਦਵਾਰ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਰਣਯੋਧ ਸਿੰਘ ਜੋਧਾ ਹਠੂਰ, ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਸਮੇਤ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਪਹੁੰਚਣ ਤੇ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਤੇ ਲੱਡੂ ਵੀ ਵੰਡੇ ਗਏ, ਇਸ ਮੌਕੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਹਿੱਸੋਵਾਲ, ਕਾਂਗਰਸੀ ਆਗੂ ਮੇਜ਼ਰ ਸਿੰਘ ਮੁੱਲਾਂਪੁਰ, ਰਜੇਸ਼ ਇੰਦਰ ਸਿੰਘ ਸਿੱਧੂ ਜਗਰਾਉਂ, ਖਲੀਫਾ ਸਾਹਿਬ ਜਗਰਾਉਂ, ਐਡਵੋਕੇਟ ਗੁਰਮੇਲ ਸਿੰਘ ਭੰਮੀਪੁਰਾ, ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ, ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਰਣਯੋਧ ਸਿੰਘ ਜੋਧਾ ਹਠੂਰ, ਮਨੋਜ ਕੁਮਾਰ ਚਕਰ, ਅਜੇ ਜੋਸ਼ੀ ਹਠੂਰ, ਗਨੀਤਪਾਲ ਸਿੰਘ ਹਠੂਰ, ਅਮਨਦੀਪ ਸਿੰਘ ਸੇਖੋਂ ਸਮੇਤ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# SKM ਦੇ ਸੱਦੇ ਉੱਤੇ ਅੱਜ ਜ਼ੀਰਕਪੁਰ ਵਿਖੇ ਨਵੇਂ ਬਿਜਲੀ ਸੋਧ ਬਿੱਲ/ਬੀਜ ਬਿੱਲ ਅਤੇ ਲੇਬਰ ਬਿੱਲਾ ਦੀਆਂ ਕਾਪੀਆਂ ਸਾੜੀਆਂ ਗਈਆਂ

## ਕਿਸੇ ਵੀ ਹਾਲਤ ਚ ਕਾਰਪੋਰੇਟ ਲੋਕਾ ਨੂੰ ਪੰਜਾਬ ਚ ਨਹੀਂ ਦੇਵਾਂਗੇ ਵੜਨ:- ਕਿਸਾਨ/ਮਜਦੂਰ/ਮੁਲਾਜਮ ਆਗੂ

ਜ਼ੀਰਕਪੁਰ, 8 ਦਸੰਬਰ (ਆਵਾਜ਼ਿ ਕੌਮ ਬਿਊਰੋ)-ਅੱਜ ਜ਼ੀਰਕਪੁਰ ਵਿਖੇ SKM ਦੇ ਸੱਦੇ ਤੇ ਕਿਸਾਨ ਜੱਥੇਬੰਦੀਆ/ਮਜਦੂਰ ਜੱਥੇਬੰਦੀਆ/ਮੁਲਾਜਮ ਜੱਥੇਬੰਦੀਆ ਅਤੇ ਠੇਕਾ ਕਾਮਿਆ ਦੀਆਂ ਜੱਥੇਬੰਦੀਆ ਵੱਲੋ ਕੇਂਦਰ ਸਰਕਾਰ ਦੁਆਰਾ ਲਿਆਂਦੇ ਜਾ ਰਹੇ ਬਿਜਲੀ ਸੋਧ ਬਿੱਲ 2025/seed ਬਿੱਲ 2025 ਅਤੇ ਲੇਬਰ code 2025 ਦੀਆਂ ਕਾਪੀਆਂ ਸਾੜੀਆਂ ਗਈਆਂ ! ਇਸ ਦੌਰਾਨ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਕਿਸਾਨ ਆਗੂ ਰੁਸਤਮ ਮੌਰਿੰਡਾ BKU ਪੁਆਧ,ਤਰਲੋਚਨ ਸਿੰਘ BKU ਪੁਆਧ,ਰਾਜਿੰਦਰ ਕੁਮਾਰ ਪ੍ਰਧਾਨ ਪੈਨਸ਼ਨਰ & TSU ਮੋਹਾਲੀ ਅਤੇ ਏਕਮ ਸਿੱਧੂ ਸਰਕਲ ਸਕੱਤਰ ਮੋਹਾਲੀ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦੇ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਨਾਲ ਮਿਲਕੇ ਅੱਜ ਵੱਖੋ-ਵੱਖਰੇ ਬਿੱਲ ਬਣਾ ਰਹੀ ਹੈ ! ਇਹਨਾ ਬਿੱਲਾ ਨਾਲ ਕਿਸਾਨਾਂ, ਮਜਦੂਰਾ ਅਤੇ ਮੁਲਾਜਮ ਦਾ ਭਵਿੱਖ ਖਤਰੇ ਵਿੱਚ ਹੈ ! ਕਿਸਾਨ ਆਗੂਆਂ ਨੇ ਦੱਸਿਆ ਕਿ seed ਬਿੱਲ ਆਉਣ ਨਾਲ ਛੋਟੇ ਦੁਕਾਨਦਾਰ ਖਤਮ ਹੋ ਜਾਣਗੇ ਅਤੇ ਕਿਸਾਨਾਂ ਨੂੰ ਬਾਹਰਲੇ ਬੀਜ ਪ੍ਰੋਸ ਕੇ ਉਹਨਾਂ ਦੇ ਆਪਣੇ ਬੀਜਾਂ ਦੀ ਮਹੱਤਤਾ ਖਤਮ ਕਰ ਦਿੱਤੀ ਜਾਵੇਗੀ ਜਿਸ ਨਾਲ ਪਾਣੀ ਅਤੇ ਕੀਟਨਾਸ਼ਕ ਜਿਆਦਾ ਵਰਤਣੇ ਪੈਣਗੇ ਜੋਂ ਸਾਡੀ ਮਿੱਟੀ ਅਤੇ ਸਿਹਤ ਲਈ ਹਾਨੀਕਾਰਕ ਹਨ ! ਬਿਜਲੀ ਮੁਲਾਜ਼ਮਾਂ ਨੇ ਦੱਸਿਆ ਕਿ ਨਵੇਂ ਬਿਜਲੀ ਸੋਧ ਕਾਨੂੰਨ ਅਤੇ ਲੇਬਰ ਕਾਨੂੰਨ ਰਾਹੀਂ ਬਿਜਲੀ ਅਦਾਰੇ ਦਾ ਨਿੱਜੀਕਰਨ ਕਰਕੇ ਅਦਾਰਾ ਨਿੱਜੀ ਹੱਥਾਂ ਵਿੱਚ ਸੋਪ ਦਿੱਤਾ ਜਾਵੇਗਾ ਜਿਸ ਨਾਲ ਕਿਸਾਨਾਂ, ਦੁਕਾਨਦਾਰਾਂ ਅਤੇ ਆਮ ਲੋਕਾਂ ਨੂੰ ਮਿਲਣ ਵਾਲੀ ਬਿਜਲੀ ਸਬਸਿਡੀ ਖਤਮ ਕਰ ਦਿੱਤੀ ਜਾਵੇਗੀ ਅਤੇ ਬਿੱਲਾ ਦੀ ਜਗ੍ਹਾ ਲੋਕਾ ਨੂੰ ਸਮਾਰਟ ਮੀਟਰ ਦਾ ਰੀਚਾਰਜ਼ ਹੋਣ ਤੇ ਹੀ ਬਿਜਲੀ ਵਰਤਣ ਨੂੰ ਮਿਲੇਗੀ, ਜਿਸ ਨਾਲ ਜਿੱਥੇ ਅਦਾਰਾ ਪੰਜਾਬ ਹੱਥੋ ਚਲਾ ਜਾਵੇਗੀ ਉੱਥੇ ਇਸ ਅਦਾਰੇ ਚੋ ਨੋਕਰੀਆ ਵੀ ਖਤਮ ਹੋ ਜਾਣਗੀਆਂ ਅਤੇ ਕੋਈ ਵੀ ਸਰਕਾਰੀ ਨੌਕਰੀ ਨਹੀਂ ਕਰ ਸਕੇਗਾ ਅਤੇ ਨਾਂ ਰਿਟਾਇਰ ਹੋਣ ਤੇ ਮਿਲਣ ਵਾਲੇ ਲਾਭ ਮਿਲਣਗੇ ! ਇਸ ਲਈ ਅੱਜ ਕਿਸਾਨਾਂ, ਮਜਦੂਰਾ ਅਤੇ ਮੁਲਾਜਮਾਂ ਨੇ ਇਹਨਾ ਤਿੰਨਾ ਬਿੱਲਾ ਦਾ ਜਿੱਥੇ ਬਾਈਕਾਟ ਕੀਤਾ ਓਥੇ ਨੀ ਓਹਨਾਂ ਵੱਲੋ ਇਹਨਾਂ ਬਿੱਲਾ ਦੀਆਂ ਕਾਪੀਆਂ ਸਾੜੀਆਂ ਗਈਆਂ ਅਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ ! ਇਕੱਠੇ ਹੋਏ ਸੰਘਰਸ਼ੀ ਲੋਕਾ ਨੇ ਦੱਸਿਆ ਕਿ ਜੇਕਰ ਸਰਕਾਰ ਆਪਣੀ ਇਸ ਨੀਤੀ ਨੂੰ ਰੱਦ ਨਹੀ ਕਰਦੀ ਤਾਂ ਆਉਣ ਵਾਲੇ ਦਿਨਾਂ ਵਿਚ ਕਿਸਾਨ,ਮਜਦੂਰ ਅਤੇ ਮੁਲਾਜਮ ਇਕੱਠੇ ਹੋ ਕੇ ਵੱਡਾ ਸੰਘਰਸ਼ ਕਰਨਗੇ ਅਤੇ ਇਹਨਾ ਬਿੱਲਾ ਨੂੰ ਰੱਦ ਕਰਵਾ ਕੇ ਹੀ ਸਾਹ ਲੈਣਗੇ !



ਇਸ ਦੌਰਾਨ ਕਿਸਾਨ ਆਗੂ ਤਰਲੋਚਨ ਸਿੰਘ ਸੂਬਾ ਪ੍ਰਧਾਨ ਪੁਆਧ, ਰੁਸਤਮ ਸੇਖ ਸੀਨੀਅਰ ਮੀਤ ਪ੍ਰਧਾਨ BKU ਪੁਯਾਧ, ਗੁਰਪ੍ਰੀਤ ਸਿੰਘ ਪ੍ਰੈੱਸ ਸਕੱਤਰ BKU ਪੁਆਧ, ਅਮਰ ਸਿੰਘ ਜਿਲ੍ਹਾ ਪ੍ਰਧਾਨ BKU ਪੁਆਧ, ਹਰਬੰਸ ਸਿੰਘ ਕੈਸ਼ੀਅਰ BKU ਪੁਆਧ,ਕਰਨੈਲ ਧੀਮਾਨ, BKU ਪੁਆਧ ਪ੍ਰਧਾਨ ਜ਼ੀਰਕਪੁਰ,ਲਖਵਿੰਦਰ ਸਿੰਘ ਜਰਨਲ ਸਕੱਤਰ BKU ਰਾਜੇਵਾਲ ਮੋਹਾਲੀ,ਹਰਦੀਪ ਸਿੰਘ ਬਲਟਾਣਾ ਯੂਥ ਪ੍ਰਧਾਨ (ਰਾਜੇਵਾਲ) ਡੇਰਾਬੱਸੀ, ਕੁਲਵੀਰ ਸਿੰਘ,ਦਵਿੰਦਰ ਸ਼ਰਮਾ ਸਕੱਤਰ ਬਲਾਕ ਮੋਹਾਲੀ BKU ਰਾਜੇਵਾਲ, ਜਸਪਾਲ ਸਿੰਘ ਪਾਲੀ ਬਲਾਕ ਪ੍ਰਧਾਨ ਡੇਰਾਬੱਸੀ BKU ਰਾਜੇਵਾਲ, ਬਿਜਲੀ ਮੁਲਾਜ਼ਮ ਅਮਨਿੰਦਰ ਸਿੰਘ ਡਿਵੀਜ਼ਨ ਪ੍ਰਧਾਨ ਠੇਕਾ ਮੁਲਾਜਮ ਜ਼ੀਰਕਪੁਰ, ਸੁਖਵਿੰਦਰ ਸਿੰਘ ਮੀਤ ਪ੍ਰਧਾਨ ਠੇਕਾ ਮੁਲਾਜਮ ਜ਼ੀਰਕਪੁਰ,ਰੋਹਿਤ ਸ਼ਰਮਾ ਕੈਸ਼ੀਅਰ,ਅਨਿਲ ਕੁਮਾਰ ਸਲਾਹਕਾਰ, ਜਗਮੋਹਨ ਸਿੰਘ ਸਰਕਲ ਆਗੂ ਮੋਹਾਲੀ,ਅਤੇ ਏਕਮ ਸਿੱਧੂ ਸਰਕਲ ਸਕੱਤਰ ਠੇਕਾ ਕਾਮੇ ਮੋਹਾਲੀ ਪੈਨਸ਼ਨਰ ਜਥੇਬੰਦੀ ਆਗੂ ਰਾਜਿੰਦਰ ਕੁਮਾਰ ਪੈਨਸ਼ਨਰ ਯੂਨੀਅਨ ਮੋਹਾਲੀ,ਰਣਜੀਤ ਸਿੰਘ ਸਰਕਲ ਸਕੱਤਰ ਮੋਹਾਲੀ ਆਦਿ ਹਾਜਿਰ ਰਹੇ !

# ਬਲਾਕ ਸੰਮਤੀ ਉਮੀਦਵਾਰ ਪ੍ਰਮਿੰਦਰ ਸਿੰਘ ਹਠੂਰ ਵੱਲੋਂ ਡੋਰ ਟੂ ਡੋਰ ਲੋਕਾਂ ਨਾਲ ਮਿਲਣੀ ਸ਼ੁਰੂ

ਹਠੂਰ / ਜਗਰਾਉਂ -(ਵਰਿਆਮ ਹਠੂਰ) ਆਮ ਆਦਮੀ ਪਾਰਟੀ ਵੱਲੋਂ ਹਠੂਰ ਅਤੇ ਬੁਰਜ ਕਲਾਰਾ ਤੋਂ ਬਲਾਕ ਸੰਮਤੀ ਦੇ ਉਮੀਦਵਾਰ ਵਜੋਂ ਚੋਣ ਲੜ ਰਹੇ ਯੂਥ ਆਗੂ ਪ੍ਰਮਿੰਦਰ ਸਿੰਘ ਹਠੂਰ ਵੱਲੋਂ ਡੋਰ ਟੂ ਡੋਰ ਵੋਟਰਾਂ ਨਾਲ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ। ਪ੍ਰੈਸ ਨਾਲ ਗੱਲਬਾਤ ਕਰਦਿਆਂ ਬਲਾਕ ਸੰਮਤੀ ਉਮੀਦਵਾਰ ਪਰਮਿੰਦਰ ਸਿੰਘ ਹਠੂਰ ਨੇ ਕਿਹਾ ਕਿ ਇਤਿਹਾਸਕ ਕਸਬਾ ਹਠੂਰ ਅਤੇ ਜ਼ਿਲ੍ਹਾ ਲੁਧਿਆਣਾ ਦੇ ਆਖਰੀ ਪਿੰਡ ਬੁਰਜ ਕਲਾਰਾ ਦੇ ਸੂਝਵਾਨ ਵੋਟਰਾਂ ਵੱਲੋਂ ਜਿੱਥੇ ਉਨ੍ਹਾਂ ਨੂੰ ਰੱਜਵਾ ਪਿਆਰ ਮਿਲ ਰਿਹਾ ਹੈ। ਉੱਥੇ ਵੋਟਰਾਂ ਵੱਲੋਂ ਉਨ੍ਹਾਂ ਨੂੰ ਵੱਡੀ ਲੀਡ ਨਾਲ ਜਿਤਾਉਣ ਦਾ ਭਰੋਸਾ ਦਵਾਇਆ ਜਾ ਰਿਹਾ ਹੈ। ਯੂਥ ਆਗੂ ਉਮੀਦਵਾਰ ਪ੍ਰਮਿੰਦਰ ਸਿੰਘ ਹਠੂਰ ਨੇ ਕਿਹਾ ਕਿ ਉਨ੍ਹਾਂ ਵੱਲੋਂ ਪਿੰਡ ਬੁਰਜ ਕਲਾਰਾ ਅਤੇ ਹਠੂਰ ਵਿੱਚ ਮੀਟਿੰਗਾਂ ਵੀ ਕੀਤੀਆਂ ਗਈਆਂ, ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਵੋਟਰ ਉਨ੍ਹਾਂ ਨੂੰ ਭਰਵਾਂ ਹੁੰਗਾਰਾ ਦੇ ਰਹੇ ਤੇ ਸਾਡੀ ਟੀਮ ਵੱਲੋਂ ਲਗਾਤਾਰ ਵੋਟਰਾਂ ਨਾਲ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ। ਤੇ ਪੂਰੀ ਪੂਰੀ ਉਮੀਦ ਹੈ ਕਿ ਵੱਡੀ ਲੀਡ ਨਾਲ ਜਿੱਤ ਹਾਸਲ ਕਰਕੇ, ਸੀਟ ਸਤਿਕਾਰਯੋਗ ਹਲਕਾ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਅਤੇ ਹਾਈ ਕਮਾਂਡ ਦੀ ਝੋਲੀ ਵਿੱਚ ਪਾ ਕੇ ਖੁਸ਼ੀ ਮਹਿਸੂਸ ਕਰਾਂਗੇ, ਅੰਤ ਵਿੱਚ ਉਨ੍ਹਾਂ ਕਿਹਾ ਕਿ ਕਸਬਾ ਹਠੂਰ ਅਤੇ ਪਿੰਡ ਬੁਰਜ ਕਲਾਰਾ ਦੇ ਸੂਝਵਾਨ ਵੋਟਰ ਜਿੱਥੇ ਬਲਾਕ ਸੰਮਤੀ ਦੀ ਕੀਮਤੀ ਵੋਟ ਮੈਨੂੰ ਪਾਉਣ ਉੱਥੇ ਜੋਨ ਮਾਣੂੰਕੇ ਤੋਂ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਲੜ ਰਹੇ ਉਮੀਦਵਾਰ ਬੀਬੀ ਸ਼ਹਿਰੀਨ ਕੌਰ ਖਾਲਸਾ ਧਰਮ ਪਤਨੀ ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਨੂੰ ਜ਼ਿਲ੍ਹਾ ਪ੍ਰੀਸ਼ਦ ਦੀ ਵੋਟ ਪਾ ਕੇ ਸਾਨੂੰ ਕਾਮਯਾਬ ਬਣਾਉਣ ਤਾਂ ਜੋ ਅਸੀਂ ਜਿੱਤ ਕੇ ਤੁਹਾਡੀਆਂ ਉਮੀਦਾਂ ਤੇ ਖਰੇ ਉੱਤਰ ਸਕੀਏ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਦੇ ਵਿਦਿਆਰਥੀਆਂ ਵੱਲੋਂ

# ਲਗਾਇਆ ਗਿਆ ਧਾਰਮਿਕ ਟੂਰ



**ਤਲਵੰਡੀ ਸਾਬੋ, 08 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਦੇ ਵਿਦਿਆਰਥੀਆਂ ਵੱਲੋਂ ਧਾਰਮਿਕ ਟੂਰ ਲਗਾਇਆ ਗਿਆ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਮਧੂ ਬਾਂਸਲ ਵੱਲੋਂ ਬੱਸ ਨੂੰ ਹਰੀ ਝੰਡੀ ਦੇ ਕੇ ਟੂਰ ਲਈ ਰਵਾਨਾ ਕੀਤਾ ਗਿਆ। ਉਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਿੱਦਿਅਕ ਟੂਰ ਦੌਰਾਨ ਸਕੂਲ ਵਿਦਿਆਰਥੀਆਂ ਵੱਲੋਂ ਤਰਨਤਾਰਨ ਸਾਹਿਬ, ਗੋਇੰਦਵਾਲ ਸਾਹਿਬ, ?ਪਾਕਿਸਤਾਨ-ਭਾਰਤ (ਬਾਘਾ ਬਾਰਡਰ) ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ?ਕਿਲ੍ਹਾ ਗੋਬਿੰਦਗੜ੍ਹ, ?ਹਵੇਲੀ (ਵਿਰਾਸਤੀ), ਜੰਗ-ਏ-ਆਜਾਦੀ (ਕਰਤਾਰਪੁਰ), ਸ਼੍ਰੀ ਅੰਨਦਪੁਰ ਸਾਹਿਬ, ਕਿਲ੍ਹਾ ਅਨੰਦਗੜ੍ਹ ਸਾਹਿਬ, ?ਵਿਰਾਸਤ-ਏ-ਖਾਲਸਾ, ਗੁਰਦੁਆਰਾ ਸ੍ਰੀ ਪਰਿਵਾਰ ਵਿਛੋੜਾ ਸਾਹਿਬ, ਚਮਕੌਰ ਸਾਹਿਬ, ?ਸ਼ਾਹਦਤ-ਏ-ਦਾਸਤਾਨ ਸ਼ੋਅ, ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ, ?ਗੁਰਦੁਆਰਾ ਜੋਤੀ ਸਰੂਪ ਸਾਹਿਬ ਆਦਿ ਦਰਸ਼ਨ ਕਰਵਾਏ ਗਏ। ਉਨਾਂ ਕਿਹਾ ਕਿ ਇਸ ਟੂਰ ਦੌਰਾਨ ਵਿਦਿਆਰਥੀਆਂ ਵੱਲੋਂ ਧਾਰਮਿਕ ਸਥਾਨਾਂ ਤੇ ਦਰਸ਼ਨ ਕੀਤੇ ਗਏ ਅਤੇ ਟੂਰ ਦਾ ਖੂਬ ਆਨੰਦ ਮਾਣਿਆ। ਉਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਹਰ ਗਤੀਵਿਧੀਆ ਅਤੇ ਇਸ ਤਰ੍ਹਾਂ ਟੂਰ ਨਾਲ ਉਨ੍ਹਾਂ ਦੇ ਗਿਆਨ ਵਿੱਚ ਵੀ ਵਾਧਾ ਹੁੰਦਾ ਹੈ। ਉਨਾਂ ਟੂਰ ਦੌਰਾਨ ਡਿਊਟੀ ਨਿਭਾਉਣ ਲਈ ਸਕੂਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਕੂਲ ਸਟਾਫ, ਵਿਦਿਆਰਥੀਆਂ ਹਾਜ਼ਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ 328 ਸਰੂਪਾਂ ਸੰਬੰਧੀ ਐਫਆਈਆਰ ਦਰਜ ਹੋਣ ਲਈ ਸ. ਬਲਦੇਵ ਸਿੰਘ ਵਡਾਲਾ ਦੇ ਉੱਦਮਾਂ ਦਾ ਧੰਨਵਾਦ

# ਇਨਸਾਫ਼ ਪ੍ਰਾਪਤੀ ਤੱਕ ਜੰਗ ਰੱਖਾਂਗੇ ਜਾਰੀ : ਇਮਾਨ ਸਿੰਘ ਮਾਨ



**ਨਵੀਂ ਦਿੱਲੀ, 8 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੀ ਬੀਤੇ ਸਮੇ ਵਿਚ ਹੋਈ ਸਾਜਸੀ ਗੁੰਮਸੁਦਗੀ ਸੰਬੰਧੀ ਖ਼ਾਲਸਾ ਪੰਥ ਤੇ ਸਮੁੱਚੀਆਂ ਪਾਰਟੀਆਂ ਨੂੰ ਡੂੰਘਾਂ ਦੁੱਖ ਪਹੁੰਚਿਆ ਸੀ ਉਸ ਸਮੇ ਸਮੁੱਚੀਆ ਪਾਰਟੀਆ ਦੀ ਇਸ ਵਿਸੇ ਉਤੇ ਸ੍ਰੀ ਅਕਾਲ ਤਖਤ ਸਾਹਿਬ ਤੇ ਇਕੱਤਰਤਾ ਹੋਈ ਸੀ ਅਤੇ ਇਸਦੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜਾਵਾਂ ਦਿਵਾਉਣ ਦੀ ਗੱਲ ਉੱਠੀ ਸੀ ।ਲੇਕਿਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸ. ਬਲਦੇਵ ਸਿੰਘ ਵਡਾਲਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਜਿੱਥੇ ਤਹਿ ਦਿਲੋ ਸੁਕਰ ਗੁਜਾਰ ਹੈ ਕਿ ਉਨ੍ਹਾਂ ਦੇ ਅਣਥੱਕ ਸੰਜੀਦਾ ਯਤਨਾ ਦੀ ਬਦੌਲਤ ਐਸ.ਜੀ.ਪੀ.ਸੀ ਦੇ ਦੋਸੀ ਅਧਿਕਾਰੀਆ ਵਿਰੁੱਧ ਐਫ.ਆਈ.ਆਰ ਦਰਜ ਹੋ ਚੁੱਕੀ ਹੈ । ਹੁਣ ਸਾਨੂੰ ਸਮੁੱਚੇ ਪੰਥਕ ਆਗੂਆਂ ਨੂੰ ਚਾਹੀਦਾ ਹੈ ਕਿ ਇਸ ਸਾਜਿਸ ਦੇ ਦੋਸ਼ੀ ਸਾਬਤ ਹੋਣ ਵਾਲਿਆ ਵਿਰੁੱਧ ਇਕੱਤਰ ਹੋ ਕੇ ਇਸ ਅਮਲ ਨੂੰ ਕਾਨੂੰਨੀ ਅਮਲ ਹੋਣ ਤੱਕ ਸਮੂਹਿਕ ਰੂਪ ਵਿਚ ਜਿੰਮੇਵਾਰੀਆ ਨਿਭਾਈਆ ਜਾਣ ਕਿਉਂਕਿ ਇਹ ਕੋਈ ਪ੍ਰਸਾਸਨਿਕ ਗਲਤੀ ਨਹੀ ਸੀ ਬਲਕਿ ਕਾਨੂੰਨੀ ਤੇ ਅਪਰਾਧਿਕ ਲਾਪ੍ਰਵਾਹੀ ਸੀ । ਇਹ ਵਿਚਾਰ ਸ. ਇਮਾਨ ਸਿੰਘ ਮਾਨ ਐਕਟਿੰਗ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 328 ਪਾਵਨ ਸਰੂਪਾਂ ਦੀ ਗੁੰਮਸੁਦਗੀ ਸੰਬੰਧੀ ਸ. ਵਡਾਲਾ ਦੇ ਉਦਮਾਂ ਸਦਕਾ ਦਰਜ ਹੋਈ ਐਫਆਈਆਰ ਅਤੇ ਇਸ ਦੇ ਦੋਸ਼ੀਆਂ ਨੂੰ ਸਜ਼ਾਂ ਦਿਵਾਉਣ ਵੱਲ ਹੋਣ ਜਾ ਰਹੇ ਅਮਲ ਲਈ ਧੰਨਵਾਦ ਕਰਦੇ ਹੋਏ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੰਦੇ ਹੋਏ, ਉਥੇ ਉਨ੍ਹਾਂ ਨੇ ਇਸ ਲੜਾਈ ਨੂੰ ਆਖਰੀ ਫੈਸਲੇ ਤੱਕ ਪਹੁੰਚਾਉਣ ਲਈ ਸਮੂਹਿਕ ਰੂਪ ਵਿਚ ਜੰਗ ਨੂੰ ਜਾਰੀ ਰੱਖਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਇਸ ਸੰਬੰਧੀ ਸਰੂਪਾਂ ਦੀ ਜਿੰਮੇਵਾਰੀ ਤਹਿ ਕਰਨ ਹਿੱਤ ਕਿੰਨੇ ਸਰੂਪ ਗੁੰਮ ਹੋਏ, ਇਸ ਵਿਚ ਕੌਣ-ਕੌਣ ਜਿੰਮੇਵਾਰ ਹੈ, ਇਸਦੀ ਸ. ਈਸਰ ਸਿੰਘ ਐਡਵੋਕੇਟ ਜਾਂਚ ਕਮੇਟੀ ਦੀ ਰਿਪੋਰਟ ਸਾਡੇ ਵੱਲੋ 2 ਵਾਰੀ ਅੰਮ੍ਰਿਤਸਰ ਜ਼ਿਲ੍ਹਾ ਪੁਲਿਸ ਕਮਿਸਨਰ ਦੇ ਸਪੁਰਦ ਕਾਰਵਾਈ ਕਰਨ ਲਈ ਦਿੱਤੀ ਗਈ, ਪਰ ਉਸ ਉਤੇ ਲੰਮੇ ਸਮੇ ਤੋ ਕੋਈ ਅਮਲ ਨਾ ਹੋਇਆ । ਇਸ ਉਪਰੰਤ ਅਸੀ ਉਸ ਸਮੇ ਦੇ ਵੱਖ-ਵੱਖ ਸਮਿਆ ਤੇ ਰਹਿ ਚੁੱਕੇ ਐਸ.ਜੀ.ਪੀ.ਸੀ ਦੇ 2 ਪ੍ਰਧਾਨਾਂ ਸ. ਗੋਬਿੰਦ ਸਿੰਘ ਲੌਂਗੋਵਾਲ ਦੇ ਸੰਗਰੂਰ ਗ੍ਰਹਿ ਵਿਖੇ ਆਵਾਜ ਉਠਾਉਦੇ ਹੋਏ ਧਰਨਾ ਵੀ ਦਿੱਤਾ ਅਤੇ ਬੀਬੀ ਜਗੀਰ ਕੌਰ ਦੇ ਘਰ ਵੀ ਇਹੋ ਅਮਲ ਕੀਤਾ ਗਿਆ। ਪਰ ਇਨ੍ਹਾਂ ਦੋਵਾਂ ਵੱਲੋ ਵੀ ਆਪਣੀ ਇਸ ਅਤਿ ਗੰਭੀਰ ਕੌਮੀ ਜਿੰਮੇਵਾਰੀ ਨੂੰ ਬਿਲਕੁਲ ਨਾ ਨਿਭਾਇਆ ਗਿਆ । ਉਪਰੋਕਤ ਸ. ਈਸਰ ਸਿੰਘ ਜਾਂਚ ਰਿਪੋਰਟ ਵਿਚ ਐਸ.ਜੀ.ਪੀ.ਸੀ ਦੇ ਸਟਾਕ ਅਤੇ ਹੋਰ ਹਿਸਾਬ ਦਾ ਆਡਿਟ ਕਰਨ ਵਾਲੇ ਸ. ਸਤਿੰਦਰਪਾਲ ਸਿੰਘ ਕੋਹਲੀ ਨੂੰ ਜੋ ਐਸ.ਜੀ.ਪੀ.ਸੀ ਦੇ ਖਜਾਨੇ ਵਿਚੋ 10 ਕਰੋੜ ਦਾ ਭੁਗਤਾਨ ਕੀਤਾ ਗਿਆ, ਉਸ ਨੂੰ ਵਾਪਸ ਕਰਵਾਉਣ, ਗੁੰਮਸੁਦਗੀ ਪਾਵਨ ਸਰੂਪਾਂ ਦਾ ਰਿਕਾਰਡ ਪੇਸ ਕਰਨ ਦਾ ਫੈਸਲਾ ਹੋਇਆ ਸੀ । ਉਸ ਉਤੇ ਵੀ ਕੋਈ ਅਮਲ ਨਾ ਹੋਇਆ । ਜਦੋਕਿ ਆਡਿਟ ਵਿਚ ਵੱਡੀ ਗੜਬੜ ਅਤੇ ਲਾਪ੍ਰਵਾਹੀ ਪ੍ਰਤੱਖ ਹੋਈ ਸੀ । ਇਥੇ ਇਹ ਵੀ ਵਰਣਨ ਕਰਨਾ ਜਰੂਰੀ ਹੈ ਕਿ ਕਮੇਟੀ ਜਾਂਚ ਅੱਗੇ ਸ. ਕੋਹਲੀ ਨੇ ਇਹ ਪ੍ਰਵਾਨ ਕੀਤਾ ਸੀ ਕਿ ਉਸਨੇ ਸਟਾਕ ਦਾ ਆਡਿਟ ਨਹੀ ਕੀਤਾ । ਜੇਕਰ ਸਹੀ ਢੰਗ ਨਾਲ ਉਪਰੋਕਤ ਸਭ ਵੇਰਵੇ ਦਾ ਆਡਿਟ ਹੋ ਜਾਂਦਾ ਤਾਂ ਇਸ ਉਪਰੋਕਤ ਘਟਨਾ ਦਾ ਸਭ ਸੱਚ ਬਹੁਤ ਪਹਿਲੇ ਸਾਹਮਣੇ ਆ ਜਾਣਾ ਸੀ । ਇਸ ਉਪਰੰਤ ਅਸੀ ਇਸ ਵੱਡੀ ਦੁੱਖਦਾਇਕ ਘਟਨਾ ਦੀ ਜਾਂਚ ਕਰਨ ਲਈ ਸਿੱਖ ਜੂਡੀਸੀਅਲ ਕਮਿਸਨ ਕੋਲ ਗੁਹਾਰ ਲਗਾਈ ਜਿਥੇ ਸਬੂਤ ਪੇਸ ਹੋ ਰਹੇ ਹਨ ਅਤੇ ਜਿਥੇ ਉਪਰੋਕਤ ਸ. ਕੋਹਲੀ ਅਤੇ ਉਸ ਸਮੇ ਦੇ ਐਸ.ਜੀ.ਪੀ.ਸੀ ਦੇ ਮੁੱਖ ਸਕੱਤਰ ਅਤੇ ਹੋਰ ਸਟਾਫ ਦੇ ਕਈ ਮੈਬਰ ਸਿੱਧੇ ਤੌਰ ਤੇ ਜੁਆਬਦੇਹ ਹਨ । ਜੋ ਹਾਈਕੋਰਟ ਦੀ ਕਾਰਵਾਈ ਉਪਰੰਤ ਸ. ਬਲਦੇਵ ਸਿੰਘ ਵਡਾਲਾ ਸਦਕਾ 7-12-2025 ਨੂੰ ਥਾਣਾ ਡਿਵੀਜਨ ਸੀ ਅੰਮ੍ਰਿਤਸਰ ਵਿਖੇ ਦਰਜ ਹੋਈ ਹੈ । ਰਿਪੋਰਟ ਵਿਚ 406, 409, 120ਬੀ, 465ਸੀ ਧਰਾਵਾ ਲੱਗੀਆ ਹਨ । ਜਿਸ ਅਨੁਸਾਰ ਐਸ.ਜੀ.ਪੀ.ਸੀ ਦੇ ਸਟਾਕ ਰਜਿਸਟਰ ਵਿਚ ਗੜਬੜ, ਜਿੰਮੇਵਾਰ ਅਧਿਕਾਰੀਆ ਦੀ ਅਪਰਾਧਿਕ ਜਾਂਚ ਸਾਮਿਲ ਹੈ । ਇਸ ਨਾਲ ਸਮੁੱਚੇ ਪੰਥਦਰਦੀ ਤੇ ਖਾਲਸਾ ਪੰਥ ਲਈ ਵੱਡੀ ਸਫਲਤਾ ਵਾਲੀ ਗੱਲ ਹੈ ਕਿ ਅਸਲ ਦੋਸ਼ੀਆਂ ਵਿਰੁੱਧ ਕਾਨੂੰਨੀ ਅਮਲ ਹੋਣ ਜਾ ਰਿਹਾ ਹੈ । ਜਦੋਕਿ ਇਸ ਵਿਸੇ ਤੇ ਪੰਜਾਬ ਸਰਕਾਰ ਬੁਰੀ ਤਰ੍ਹਾਂ ਨਾਕਾਮ ਸਾਬਤ ਹੋਈ ਹੈ । ਜਿਸ ਨੇ ਕੋਈ ਵੀ ਬਣਦੀ ਜਿੰਮੇਵਾਰੀ ਪੂਰਨ ਨਹੀ ਕੀਤੀ ਨਾ ਹੀ ਐਫਆਈਆਰ ਦਰਜ ਕਰਵਾਈ, ਨਾ ਹੀ ਦੋਸ਼ੀਆਂ ਦੀ ਜੁਆਬਦੇਹੀ ਤਹਿ ਕੀਤੀ, ਐਸ.ਜੀ.ਪੀ.ਸੀ ਦੀਆਂ ਜਰਨਲ ਚੋਣਾਂ 1925 ਦੇ ਐਕਟ ਅਧੀਨ ਸਹੀ ਸਮੇ ਤੇ ਨਹੀ ਕਰਵਾਈਆ, ਜਸਟਿਸ ਐਸ.ਐਸ. ਸਾਰੋ ਦੇ ਹੁਕਮ ਨਹੀ ਮੰਨੇ । ਕੇਵਲ ਪੰਜਾਬ ਹਰਿਆਣਾ ਹਾਈਕੋਰਟ ਦੇ ਹੁਕਮਾਂ ਤੇ ਹੀ ਇਹ ਅਮਲ ਹੋਇਆ ਹੈ । ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸਮੁੱਚੇ ਖਾਲਸਾ ਪੰਥ ਨਾਲ ਇਹ ਬਚਨ ਮੁੜ ਦੁਹਰਾਉਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਗੁੰਮਸੁਦਗੀ ਦੇ ਸਬੂਤ ਰਿਕਾਰਡ ਸਾਹਮਣੇ ਆਉਣ, ਉਨ੍ਹਾਂ ਨੂੰ ਜਨਤਕ ਕਰਵਾਉਣ, ਉਨ੍ਹਾਂ ਦੀ ਅਪਰਾਧਿਕ ਕਾਰਵਾਈ ਤਹਿ ਕਰਵਾਉਣ, ਐਸ.ਜੀ.ਪੀ.ਸੀ ਚੋਣਾਂ ਕਰਵਾਉਣ ਲਈ ਦ੍ਰਿੜਤਾ ਨਾਲ ਸਮੂਹਿਕ ਰੂਪ ਵਿਚ ਇਹ ਆਪਣੀ ਸਿਆਸੀ ਤੇ ਧਾਰਮਿਕ ਜੰਗ ਜਾਰੀ ਰੱਖੇਗਾ । ਅਸੀ ਫਿਰ ਸ. ਬਲਦੇਵ ਸਿੰਘ ਵਡਾਲਾ ਤੇ ਉਨ੍ਹਾਂ ਦੀ ਟੀਮ ਦਾ ਇਸ ਉਦਮ ਲਈ ਧੰਨਵਾਦ ਕਰਦੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 328 ਸਰੂਪ ਗਾਇਬ ਹੋਣ ਦੇ ਮਾਮਲੇ 'ਚ ਦਿੱਲੀ ਗੁਰਦੁਆਰਾ ਕਮੇਟੀ ਨੇ ਐਫਆਈਆਰ ਦਰਜ ਹੋਣ ਦਾ ਕੀਤਾ ਸਵਾਗਤ




ਨਵੀਂ ਦਿੱਲੀ, 8 ਦਸੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਸਰੂਪ ਗਾਇਸ਼ ਹੋਣ ਦੇ ਮਾਮਲੇ ਵਿਚ ਪੰਜਾਬ ਪੁਲਿਸ ਵੱਲੋਂ ਐਫ ਆਈ ਆਰ ਦਰਜ ਕੀਤੇ ਜਾਣ ਦਾ ਸਵਾਗਤ ਕਰਦਿਆਂ ਕਿਹਾ ਹੈ ਕਿ ਆਸ ਹੈ ਕਿ ਇਸ ਐਸ ਐਫ ਆਈ ਆਰ ਦੇ ਦਰਜ ਹੋਣ ਮਗਰੋਂ ਇਸ ਮਾਮਲੇ ਵਿਚ ਇਨਸਾਫ ਮਿਲੇਗਾ। ਮੀਡੀਆ ਨਾਲ ਗੱਲਬਾਤ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਰ ਹਰ ਇਕ ਦਾ ਗੁਰੂ ਹੈ ਤੇ ਇਸ ਮਾਮਲੇ ਵਿਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਵੱਲੋਂ ਕੀਤੇ ਕਾਰਜ ਦਾ ਉਹ ਸਵਾਗਤ ਕਰਦੇ ਹਨ। ਉਹਨਾਂ ਕਿਹਾ ਕਿ ਇਸ ਮਾਮਲੇ ਵਿਚ ਹੋਈ ਕਾਨੂੰਨੀ ਕਾਰਵਾਈ 'ਤੇ ਸਮੁੱਚੇ ਪੰਥ ਨੂੰ ਤੱਸਲੀ ਹੋਈ ਹੈ। ਉਹਨਾਂ ਕਿਹਾ ਕਿ ਇਸ ਮਾਮਲੇ ਵਿਚ ਪੰਜ ਸਾਲ ਤੋਂ ਸੰਗਤ ਕਾਰਵਾਈ ਦੀ ਉਡੀਕ ਕਰ ਰਹੀ ਸੀ ਤੇ ਹੁਣ ਕਾਰਵਾਈ ਹੋਣ ਨਾਲ ਪੰਥ ਦੇ ਹਿਰਦੇ ਠਾਰੇ ਗਏ ਹਨ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਚੋਣਾਂ ਵਿਚ ਸਰਨਾ ਭਰਾਵਾਂ ਨੇ ਪਹਿਲਾਂ 328 ਸਰੂਪਾਂ ਦੇ ਲਾਪਤਾ ਹੋਣ ਦਾ ਮੁੱਦਾ ਬਣਾਇਆ ਸੀ ਪਰ ਅੱਜ ਪੰਜਾਬ ਪੁਲਿਸ ਵੱਲੋਂ ਐਫ ਆਈ ਆਰ ਦਰਜ ਕਰਨ ਦੇ ਬਾਅਦ ਉਹਨਾਂ ਚੁੱਪੀ ਧਾਰ ਲਈ ਹੈ ਜਿਸ ਤੋਂ ਸਾਬਤ ਹੋ ਗਿਆ ਹੈ ਕਿ ਉਹ ਸਿਰਫ ਸਿਆਸੀ ਰਾਜਨੀਤੀ ਕਰਦੇ ਹਨ। ਉਹਨਾਂ ਕਿਹਾ ਕਿ ਸਰਨਾ ਭਰਾਵਾਂ ਨੂੰ ਹੁਣ ਮਾਮਲੇ 'ਤੇ ਚੁੱਪੀ ਤੋੜਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਅੱਜ ਅਕਾਲੀ ਦਲ ਬਹੁਤ ਵੱਡੇ ਕਟਹਿਰੇ ਵਿਚ ਖੜ੍ਹਾ ਹੋ ਚੁੱਕਾ ਹੈ ਜਿਸਦਾ ਜਵਾਬ ਸਰਨਾ ਭਰਾਵਾਂ ਕੋਲ ਨਹੀਂ ਹੈ। ਉਹਨਾਂ ਇਹ ਵੀ ਕਿਹਾ ਕਿ ਪੰਜ ਸਾਲ ਤੋਂ ਵੱਖ-ਵੱਖ ਸਿੱਖ ਜਥੇਬੰਦੀਆਂ 328 ਸਰੂਪ ਲਾਪਤਾ ਹੋਣ ਦੇ ਮਾਮਲੇ 'ਤੇ ਧਰਨੇ ਦੇ ਰਹੀਆਂ ਸਨ ਪਰ ਹੁਣ ਜਦੋਂ ਐਫ ਆਈ ਆਰ ਦਰਜ ਹੋ ਗਈ ਹੈ ਤਾਂ ਸਾਰੀਆਂ ਜਥੇਬੰਦੀਆਂ ਦੇ ਮਨਾਂ ਵਿਚ ਵੱਡ ਧਰਵਾਸ ਹੈ। ਉਹਨਾਂ ਕਿਹਾ ਕਿ ਉਹ ਇਸ ਐਫ ਆਈ ਆਰ ਦਾ ਸਵਾਗਤ ਕਰਦੇ ਹਨ। ਉਹਨਾਂ ਕਿਹਾ ਕਿ ਦੂਜਾ ਕੇਸ ਜਿਹੜਾ ਕਿਤਾਬ ਦੇ ਮਾਮਲੇ ਵਿਚ ਹੋਇਆ ਹੈ, ਉਸ ਮਾਮਲੇ ਵਿਚ ਵੀ ਉਹ ਸਵਾਗਤ ਕਰਦੇ ਹਨ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਗੁਰੂ ਸਾਹਿਬਾਨ ਸਾਰੇ ਗਲਤ ਪ੍ਰਚਾਰ ਨਹੀਂ ਹੋਣਾ ਚਾਹੀਦਾ ਪਰ ਇਸ ਪੁਸਤਕ ਰਾਹੀਂ ਗਲਤ ਪ੍ਰਚਾਰ ਹੋ ਰਿਹਾ ਸੀ। ਉਹਨਾਂ ਕਿਹਾ ਕਿ ਉਹ ਸਮਝਦੇ ਹਨ ਕਿ ਇਸ ਮਾਮਲੇ ਵਿਚ ਪਿਛਲੇ ਪੰਜ ਸਾਲਾਂ ਤੋਂ ਸ਼੍ਰੋਮਣੀ ਕਮੇਟੀ ਕਾਰਵਾਈ ਤੋਂ ਟੱਲਦੀ ਆ ਰਹੀ ਸੀ ਤੇ ਹੁਣ ਜਾ ਕੇ ਐਫ ਆਈ ਆਰ ਦਰਜ ਹੋਣ ਨਾਲ ਕੇਸ ਵਿਚ ਨਿਆਂ ਹੋਣ ਦੀ ਆਸ ਬੱਝੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਜੋਨ ਮਾਣੂੰਕੇ ਤੋਂ ਕਾਂਗਰਸ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਦੀ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਵੱਲੋਂ ਚੋਣ ਪ੍ਰਚਾਰ ਤੇਜ

### ਕਾਂਗਰਸ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਵੀ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਲਈ ਕੀਤਾ ਚੋਣ ਪ੍ਰਚਾਰ



ਜਗਰਾਉਂ -(ਵਰਿਆਮ ਹਠੂਰ) ਪਿੰਡ ਭੰਮੀਪੁਰਾ ਦੀ ਸਾਬਕਾ ਸਰਪੰਚ ਅਤੇ ਪੰਚਾਇਤ ਯੂਨੀਅਨ ਦੀ ਪ੍ਰਧਾਨ ਰਹਿ ਚੁੱਕੀ ਬੀਬੀ ਬਲਜਿੰਦਰ ਕੌਰ ਭੰਮੀਪੁਰਾ, ਜਿਸ ਨੂੰ ਜੋਨ ਮਾਣੂੰਕੇ ਤੋਂ ਕਾਂਗਰਸ ਪਾਰਟੀ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ। ਉਨ੍ਹਾਂ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਚੋਣ ਪ੍ਰਚਾਰ ਤੇਜ ਕਰ ਦਿੱਤਾ ਗਿਆ ਹੈ। ਜਾਣਕਾਰੀ ਦਿੰਦਿਆਂ ਉਮੀਦਵਾਰ ਬੀਬੀ ਬਲਜਿੰਦਰ ਕੌਰ ਅਤੇ ਉਨ੍ਹਾਂ ਦੇ ਪਤੀ ਐਡਵੋਕੇਟ ਗੁਰਮੇਲ ਸਿੰਘ ਭੰਮੀਪੁਰਾ ਨੇ ਕਿਹਾ ਕਿ ਜੋਨ ਮਾਣੂੰਕੇ ਦੇ 14 ਪਿੰਡਾਂ ਦੇ ਵੋਟਰਾਂ ਵੱਲੋਂ ਉਨ੍ਹਾਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਤੇ ਅਸੀਂ ਲਗਾਤਾਰ ਵੋਟਰਾਂ ਨਾਲ ਰਾਬਤਾ ਕਾਇਮ ਕਰ ਰਹੇ ਹਾਂ, ਉਨ੍ਹਾਂ ਕਿਹਾ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕ ਬੇਹੱਦ ਪ੍ਰੇਸ਼ਾਨ ਹਨ। ਤੇ ਆਪਣੇ ਆਪ ਨੂੰ ਠੱਗਿਆ ਠੱਗਿਆ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਇਸ ਚੋਣਾਂ ਵਿੱਚ ਕਾਂਗਰਸ ਪਾਰਟੀ 2027 ਵਿੱਚ ਆਪਣੀ ਸਰਕਾਰ ਬਣਾਉਣ ਲਈ ਆਪਣਾ ਮੁੱਢ ਬੰਨੇਗੀ, ਤੇ 2027 ਵਿੱਚ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦਾ ਪੰਜਾਬ ਚੋਂ ਬਿਸਤਰਾ ਗੋਲ ਕਰ ਦੇਣਗੇ, ਅੰਤ ਵਿੱਚ ਉਨ੍ਹਾਂ ਜੋਨ ਮਾਣੂੰਕੇ ਦੇ 14 ਪਿੰਡਾਂ ਦੇ ਸੂਝਵਾਨ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ 14 ਦਸੰਬਰ ਨੂੰ ਜ਼ਿਲ੍ਹਾ ਪ੍ਰੀਸ਼ਦ ਦੀ ਮਾਣੂੰਕੇ ਜੋਨ ਤੋਂ ਕਾਂਗਰਸੀ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਨੂੰ ਆਪਣਾ ਕੀਮਤੀ ਵੋਟ ਦੇ ਕੇ ਕਾਮਯਾਬ ਕਰਨ, ਤਾਂ ਜੋ ਉਹ ਆਪਣੀਆਂ ਜ਼ਿੰਮੇਵਾਰੀਆਂ ਨਾਲ ਤੁਹਾਡੀ ਸੇਵਾ ਕਰਨ, ਇਸ ਮੌਕੇ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਨੇ ਕਿਹਾ ਕਿ ਜੋਨ ਮਾਣੂੰਕੇ ਦੇ ਸੂਝਵਾਨ ਵੋਟਰ ਮੈਨੂੰ ਵੋਟ ਅਤੇ ਸਪੋਟ ਕਰਨ, ਮੈਂ ਵਿਸ਼ਵਾਸ ਦਿਵਾਉਂਦੀ ਹਾਂ ਕਿ ਤੁਹਾਡੀਆਂ ਉਮੀਦਾਂ ਤੇ ਖਰੀ ਉੱਤਰਾਂਗੀ, ਅੰਤ ਵਿੱਚ ਉਨ੍ਹਾਂ ਕਾਂਗਰਸ ਵੱਲੋਂ ਉਨ੍ਹਾਂ ਨੂੰ ਟਿਕਟ ਦੇਣ ਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਵੀ ਕੀਤਾ, ਜ਼ਿਕਰਯੋਗ ਹੈ ਕਿ ਲੰਘੇ ਦਿਨ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਵੀ ਹਲਕਾ ਜਗਰਾਉਂ ਦੇ ਪਿੰਡ ਮਾਣੂੰਕੇ ਦੀ ਧਰਮਸ਼ਾਲਾ ਵਿੱਚ ਉਮੀਦਵਾਰ ਬੀਬੀ ਬਲਜਿੰਦਰ ਕੌਰ ਭੰਮੀਪੁਰਾ ਧਰਮ ਪਤਨੀ ਐਡਵੋਕੇਟ ਗੁਰਮੇਲ ਸਿੰਘ ਭੰਮੀਪੁਰਾ ਅਤੇ ਬਲਾਕ ਸੰਮਤੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਨਾਮਵਰ ਵਿੱਦਿਅਕ ਸੰਸਥਾਵਾਂ ਵੱਲੋਂ ਅੰਤਰ-ਰਾਸ਼ਟਰੀ ਕਾਨਫਰੰਸ ਵਿੱਚ ਡਾ. ਜਗਤਾਰ ਸਿੰਘ ਧੀਮਾਨ ਦਾ

# ਲਾਈਫਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨ

**ਤਲਵੰਡੀ ਸਾਬੋ, 08 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਗਲੋਬਲ ਐਜੂਕੇਸ਼ਨ ਰਿਸਰਚ ਐਸੋਸੀਏਸ਼ਨ (ਗੇਰਾ) ਤੇ ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ, ਬਠਿੰਡਾ ਵੱਲੋਂ ਸਾਂਝੇ ਤੌਰ 'ਤੇ ਆਯੋਜਿਤ ਕੀਤੀ ਗਈ ਦੋ ਰੋਜਾ ਅੰਤਰਰਾਸ਼ਟਰੀ ਕਾਨਫਰੰਸ ਐਜੂਕੋਨ-2025 ਵਿੱਚ ਉੱਘੇ ਖੇਤੀ ਵਿਗਿਆਨੀ ਅਤੇ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਪਰੋ ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ ਵੱਲੋਂ ਪਾਸੀ ਮੈਮੋਰੀਅਲ ਲੈਕਚਰ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਨੂੰ ਸਿੱਖਿਆ, ਖੇਤੀ ਬਾੜੀ, ਯੂਨੀਵਰਸਿਟੀ ਪ੍ਰਸ਼ਾਸਨ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਨਿਭਾਈਆਂ ਗਈਆਂ ਉੱਘੀਆਂ ਸੇਵਾਵਾਂ ਲਈ ਲਾਈਫਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਨੂੰ ਮੁੱਖ ਮਹਿਮਾਨ ਪ੍ਰੋ. ਪੰਕਜ ਅਰੋੜਾ ਚੇਅਰਪਰਸਨ ਐਨ.ਸੀ.ਟੀ.ਈ. ਨਵੀਂ ਦਿੱਲੀ ਅਤੇ ਹੋਰਨਾਂ ਪਤਵੰਤਿਆਂ ਵੱਲੋਂ ਪ੍ਰਦਾਨ ਕੀਤਾ ਗਿਆ। ਇਸ ਮੌਕੇ ਗੇਰਾ ਦੇ ਪ੍ਰਧਾਨ ਪ੍ਰੋ. ਐਸ.ਪੀ.ਮਲਹੋਤਰਾ, ਪ੍ਰੋ. ਐਸ.ਕੇ.ਬਾਵਾ, ਡਾ. ਭੁਪਿੰਦਰ ਸਿੰਘ ਸੀ.ਈ.ਓ. ਕੈਲਗਰੀ ਕੈਨੇਡਾ ਅਤੇ ਪ੍ਰੋ. ਆਰ.ਕੇ.ਵਸੂਰੀਕਾ, ਡੀਨ ਅਕਾਦਮਿਕ ਸੀ.ਯੂ.ਪੀ. ਪੰਜਾਬ ਬਠਿੰਡਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਸ਼ਾਨਾਮੱਤੀ ਪ੍ਰਾਪਤੀ ਤੇ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ, ਪ੍ਰਬੰਧਕੀ ਨਿਰਦੇਸ਼ਕ ਸ. ਸੁਖਰਾਜ ਸਿੰਘ ਸਿੱਧੂ, ਤੇ ਵਾਈਸ ਚਾਂਸ਼ਲਰ ਡਾ. ਰਾਮੇਸ਼ਵਰ ਸਿੰਘ ਵੱਲੋਂ ਵਧਾਈ ਦਿੱਤੀ ਗਈ। ਉਨ੍ਹਾਂ ਆਪਣੇ ਵਧਾਈ ਸੰਦੇਸ਼ ਵਿੱਚ ਕਿਹਾ ਕਿ ਡਾ. ਧੀਮਾਨ ਦੀ ਇਹ ਪ੍ਰਾਪਤੀ ਉੱਭਰਦੇ ਨੌਜਵਾਨ ਵਿਗਿਆਨੀਆਂ, ਖੋਜਾਰਥੀਆਂ ਅਤੇ ਖੇਤੀ ਮਾਹਿਰਾਂ ਲਈ ਪ੍ਰੇਰਣਾ ਦਾ ਕੰਮ ਕਰੇਗੀ। ਅਵਾਰਡ ਪ੍ਰਾਪਤੀ ਮੌਕੇ ਡਾ. ਧੀਮਾਨ ਨੇ ਕਿਹਾ ਕਿ ਸਦੀਆਂ ਤੋਂ ਭਾਰਤ ਅਧਿਆਤਮ, ਦਰਸ਼ਨ ਅਤੇ ਸਿੱਖਿਆ ਦੇ ਖੇਤਰ ਵਿੱਚ ਦੁਨੀਆ ਦਾ ਰਾਹ ਦਿੱਸੇਰਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਗਿਆਨ, ਖੇਤੀ, ਸਿਹਤ ਗਿਆਨ , ਤਕਨਾਲੋਜੀ ਵਿਕਾਸ ਆਦਿ ਵਿਸ਼ਿਆਂ ਤੇ ਭਾਰਤੀ ਗਿਆਨੀਆਂ ਵੱਲੋਂ ਮੋਹਰੀ ਬਣ ਕੇ ਦੁਨੀਆ ਨੂੰ ਗਿਆਨ ਦੀ ਰੋਸ਼ਨੀ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਭਗਵਾਨ ਸ਼ੀ ਕ੍ਰਿਸ਼ਨ ਦਾ ਗੀਤਾ ਉਪਦੇਸ਼ ਅਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਕੀਤੀਆਂ ਉਦਾਸੀਆਂ ਅਤੇ ਰਚੀ ਬਾਣੀ ਨੇ ਸੰਸਾਰ ਭਰ ਵਿੱਚ ਗਿਆਨ ਦੀ ਜੋਤ ਜਗਾਈ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕਈ ਭਾਰਤੀ ਵੱਖ-ਵੱਖ ਖੇਤਰਾਂ ਵਿੱਚ ਵੱਡਾ ਯੋਗਦਾਨ ਪਾ ਕੇ ਦੁਨੀਆਂ ਦਾ ਚਾਨਣ ਮੁਨਾਰਾ ਬਣੇ ਹਨ ਇਸ ਲਈ ਉਨ੍ਹਾਂ ਨੇ ਖੇਤੀ ਮਾਹਿਰ ਡਾ. ਗੁਰਦੇਵ ਸਿੰਘ ਖੁਸ਼, ਔਪਟਿਕ ਫਾਈਬਰ ਤਕਨਾਲੋਜੀ ਮਾਹਿਰ ਨਰਿੰਦਰ ਸਿੰਘ ਕੰਪਾਨੀ, ਅਰਥ ਸ਼ਾਸਤਰੀ ਡਾ. ਐਮ.ਐਸ. ਸਵਾਮੀਨਾਥਨ, ਡਾ. ਮਨਮੋਹਨ ਸਿੰਘ, ਡਾ. ਅਮਰੀਤਿਆ ਸੈਨ, ਮਿਜ਼ਾਈਲ ਮੈਨ ਡਾ. ਅਬਦੁਲ ਕਲਾਮ, ਅਤੇ ਬਾਇਓਟੈਕਨੌਲੋਜਿਸਟ ਡਾ. ਹਰਗੋਬਿੰਦ ਖੁਰਾਨਾ ਵਰਗੀਆਂ ਸ਼ਖ਼ਸ਼ੀਅਤਾਂ ਦਾ ਜਿਕਰ ਕਰਦੇ ਹੋਏ ਕਿਹਾ ਕਿ ਅਜੋਕਾ ਸੰਸਾਰ ਉਨ੍ਹਾਂ ਦੀ ਮਿਹਨਤ ਅਤੇ ਦੂਰਦਰਸ਼ੀ ਯੋਗਦਾਨ ਦਾ ਰਿਣੀ ਰਹੇਗਾ। ਉਨ੍ਹਾਂ ਭਾਰਤ ਦੇ ਵਸੂਦੇਵ ਕੁਟੰਬਕਮ ਅਤੇ ਸਰਬੱਤ ਦੇ ਭਲੇ ਦੇ ਫਲਸਫੇ ਦਾ ਵਖਾਣ ਵੀ ਕੀਤਾ ਜਿਨ੍ਹਾਂ ਕਰਕੇ ਦੁਨੀਆ ਨੂੰ ਚੜ੍ਹਦੀ ਕਲਾ 'ਚ ਰੱਖਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਦੀ ਗਿਆਨ ਸੰਪਦਾ ਆਧੁਨਿਕ ਵਿਗਿਆਨ ਅਤੇ ਸਿੱਖਿਆ ਦੇ ਖੇਤਰ ਵਿੱਚ ਅੱਜ ਵੀ ਮਹੱਤਵਪੂਰਨ ਭੂਮਿਕਾ ਨਿਭਾਉਣ ਦੇ ਕਾਬਿਲ ਹੈ ਜੋ ਸਮੁੱਚੀ ਦੁਨੀਆ ਦਾ ਮਾਰਗਦਰਸ਼ਕ ਕਰ ਸਕਦਾ ਹੈ। ਆਯੋਜਕਾਂ ਵੱਲੋਂ ਡਾ. ਧੀਮਾਨ ਨੂੰ ਸਨਮਾਨ ਪੱਤਰ, ਦੁਸ਼ਾਲੇ ਨਾਲ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੇ ਸਿਹਤਯਾਬੀ ਅਤੇ ਉੱਜਵਲ ਭਵਿੱਖ ਦੀਆਂ ਸ਼ੁਭ ਕਾਮਨਾਵਾਂ ਭੇਂਟ ਕੀਤੀਆਂ ਗਈਆਂ।



### ਸੀਨੀਅਰ ਸਿਟੀਜਨ ਫੋਰਮ ਨੇ

# ਆਪਣੇ ਬਜ਼ੁਰਗ ਮੈਂਬਰਾਂ ਦੇ ਜਨਮ ਦਿਨ ਮਨਾਏ



ਫ਼ਿਰੋਜ਼ਪੁਰ, 08 ਦਸੰਬਰ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਦੀ ਮੀਟਿੰਗ ਬਾਗਬਾਨ ਮਖੂ ਗੇਟ ਫ਼ਿਰੋਜਪੁਰ ਸ਼ਹਿਰ ਵਿਚ ਹੋਈ। ਇਹ ਮੀਟਿੰਗ ਸੀਨੀਅਰ ਸਿਟੀਜਨ ਫੌਰਮ ਦੇ ਪ੍ਰਧਾਨ ਸ੍ਰੀ ਪਰਦੀਪ ਧਵਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿਚ ਕਈ ਵਿਚਾਰ—ਵਟਾਂਦਰੇ ਹੋਏ। ਇਸ ਤੋਂ ਇਲਾਵਾ ਸੀਨੀਅਰ ਸਿਟੀਜਨ ਫੌਰਮ ਦੇ ਮੈਂਬਰਾਂ ਦੇ ਜਨਮ ਦਿਨ ਮਨਾਏ ਗਏ। ਇਸ ਮੌਕੇ ਤੇ ਅਸ਼ੋਕ ਕੱਕੜ ਨੇ ਧਾਰਮਿਕ ਗੀਤ ਗਾ ਕੇ ਸ਼ੁਰੂਆਤ ਕੀਤੀ। ਇਸ ਤੋਂ ਬਾਅਦ ਬਲਦੇਵ ਸਚਦੇਵਾ ਨੇ ਗੀਤ ਸੰਗੀਤ ਨਾਲ ਮੈਂਬਰਾਂ ਨੂੰ ਨੱਚਣ ਲਈ ਮਜ਼ਬੂਰ ਕੀਤਾ। ਇਸ ਤੋਂ ਬਾਅਦ ਰਾਮ ਕੁਮਾਰ ਚੋਪੜਾ ਨੇ ਵੀ ਗੀਤ ਗਾਇਆ, ਇਸ ਤਰ੍ਹਾਂ ਗੀਤ ਸੰਗੀਤ ਦਾ ਸਿਲਸਿਲਾ ਚਲਦਾ ਰਿਹਾ। ਇਸ ਮੌਕੇ ਤੇ ਪ੍ਰਧਾਨ ਸ੍ਰੀ ਪਰਦੀਪ ਧਵਨ, ਐਸ.ਪੀ ਖੇੜਾ ਚੇਅਰਮੈਨ, ਸਤੀਸ਼ ਪੁਰੀ, ਦੇਸ਼ ਬੰਧੂ ਤੁਲੀ, ਗੁਰਦੇਵ ਸਿੰਘ ਮਿੱਤਲ, ਤਿਲਕ ਰਾਜ ਆੜਤੀਆ, ਰਜਿੰਦਰ ਕੁਮਾਰ ਸ਼ਰਮਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਹਾਜ਼ਰ ਸਨ। ਇਸ ਮੌਕੇ ਤੇ ਜਿਨ੍ਹਾਂ ਮੈਂਬਰਾਂ ਦੇ ਜਨਮ ਦਿਨ ਸਨ, ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਸ੍ਰੀ ਪਰਦੀਪ ਧਵਨ ਪ੍ਰਧਾਨ ਨੇ ਬੋਲਦਿਆਂ ਕਿਹਾ ਕਿ ਸੀਨੀਅਰ ਸਿਟੀਜਨ ਫੋਰਮ ਜੋ ਕਿ ਹਰ ਖੇਤਰ ਵਿਚ ਲੋਕਾਂ ਦੀਆਂ ਦੁੱਖ ਤਕਲੀਫਾਂ ਨੂੰ ਲੈ ਕੇ ਕੰਮ ਕਰ ਰਹੀ ਹੈ, ਭਾਵੇਂ ਕਿ ਜਿਵੇਂ ਕਿ ਇੰਟਰ ਸਿਟੀ ਟਰੇਨ ਚਲਾਈ ਹੈ, ਉਹ ਵੀ ਅਸੀਂ ਉਪਰ ਚਿੱਠੀਆਂ ਲਿਖੀਆਂ, ਇਸ ਤੋਂ ਇਲਾਵਾ ਹਰਿਦੁਆਰ ਦੀ ਟਰੇਨ ਤੋਂ ਇਲਾਵਾ ਨਹਿਰ ਦੇ ਵਿਕਾਸ ਜਿਵੇਂ ਸੜਕਾਂ, ਪਾਣੀ, ਸੀਵਰੇਜ਼ ਬਾਰੇ ਵੀ ਅਸੀਂ ਸਮੇਂ—ਸਮੇਂ ਤੇ ਸਰਕਾਰ ਦੇ ਧਿਆਨ ਵਿਚ ਲਿਆਉਂਦੇ ਹਾਂ, ਜਿਸ ਕਰਕੇ ਸਾਡੇ ਕੰਮ ਪਹਿਲ ਦੇ ਆਧਾਰ ਤੇ ਹੋ ਰਹੇ ਹਨ। ਇਸ ਤੋਂ ਇਲਾਵਾ ਸੀਨੀਅਰ ਸਿਟੀਜਨ ਫੋਰਮ ਹੜ ਪੀੜਤ ਹੋਵੇ ਜਾਂ ਫਿਰ ਕੋਈ ਹੋਰ ਆਫਤ ਹੋਵੇ ਪਹਿਲ ਦੇ ਆਧਾਰ ਤੇ ਕੰਮ ਕਰ ਰਹੀ ਹੈ। ਸਾਡੇ ਨਾਲ ਹਰ ਮਹੀਨੇ ਨਵੇਂ ਮੈਂਬਰ ਜੁੜ ਰਹੇ ਹਨ। ਇਸ ਮੌਕੇ ਸਾਰੇ ਮੈਂਬਰਾਂ ਨੂੰ ਨਾਸ਼ਤਾ ਕਰਵਾਇਆ ਗਿਆ।

# ਆਮ ਆਦਮੀ ਪਾਰਟੀ ਦੇ ਬਲਾਕ ਸੰਮਤੀ ਉਮੀਦਵਾਰ ਰਣਯੋਧ ਸਿੰਘ ਕਾਂਝਲਾ ਨੂੰ ਮਿਲ ਰਿਹਾ ਭਰਵਾਂ ਹੁੰਗਾਰਾਂ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਆਮ ਆਦਮੀ ਪਾਰਟੀ ਦੇ ਕਾਂਝਲਾ , ਹਸਨਪੁਰ ਜੋਨ ਤੋਂ ਬਲਾਕ ਸੰਮਤੀ ਉਮੀਦਵਾਰ ਰਣਯੋਧ ਸਿੰਘ ਕਾਂਝਲਾ ਵੱਲੋਂ ਪਿੰਡ ਕਾਂਝਲਾ, ਹਸਨਪੁਰ ਚ ਮੀਟਿੰਗਾ ਕੀਤੀਆਂ ਜਾ ਰਹੀਆਂ ਹਨ। ਮੀਟਿੰਗਾ ਵਿੱਚ ਵੱਡੀ ਗਿਣਤੀ ਚ ਲੋਕ ਹਾਜ਼ਰ ਹੋ ਕੇ ਉਮੀਦਵਾਰ ਦੇ ਹੱਕ ਚ ਉਤਸ਼ਾਹ ਦਿਖਾ ਰਹੇ ਹਨ। ਇਸ ਮੌਕੇ ਹਾਜ਼ਰ ਲੋਕਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਆਮ ਲੋਕਾਂ ਨੂੰ ਸਹੂਲਤਾਂ ਦੇ ਰਹੇ ਹਨ ਜਿਨ੍ਹਾਂ ਚ ਮੁਫ਼ਤ ਬਿਜਲੀ ਦੀ ਸਹੂਲਤ, ਫਰੀ ਬੱਸ ਸਫ਼ਰ, ਆਟਾ ਦਾਲ ਸਕੀਮ, ਬੁਢਾਪਾ ਪੈਨਸ਼ਨ ਅਤੇ ਸ਼ਗਨ ਸਕੀਮ ਜਿਨ੍ਹਾਂ ਦਾ ਲਾਭ ਹਰ ਇੱਕ ਵਿਅਕਤੀ ਲੈ ਰਿਹਾ ਹੈ। ਉਨ੍ਹਾਂ ਕਿਹਾ ਕਿ ਅਸੀ ਆਮ ਆਦਮੀ ਪਾਰਟੀ ਦੇ ਜੋਨ ਕਾਂਝਲਾ, ਹਸਨਪੁਰ ਤੋ ਬਲਾਕ ਸੰਮਤੀ ਉਮੀਦਵਾਰ ਰਣਯੋਧ ਸਿੰਘ ਕਾਂਝਲਾ ਦੇ ਹੱਕ ਚ ਵੋਟਾਂ ਪਾ ਕੇ ਜਿਤਾਉਣਗੇ। ਇਸ ਮੌਕੇ ਪਰਮਜੀਤ ਸਿੰਘ ਕਾਂਝਲਾ, ਕੁਲਵਿੰਦਰ ਸਿੰਘ ਸਿੱਧੂ, ਅਤੇ ਸਮੂਹ ਮੈਂਬਰ ਪੰਚਾਇਤ ਨਗਰ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਖਾਲਸਾ ਸਕੂਲ ਤਲਵੰਡੀ ਸਾਬੋ ਵਿਖੇ ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਇਆ






ਤਲਵੰਡੀ ਸਾਬੋ, 08 ਦਸੰਬਰ (ਗੁਰਜੰਟ ਸਿੰਘ ਨਥੇਹਾ)- ਸਥਾਨਕ ਖਾਲਸਾ ਸੀਨੀਅਰ ਸੈਕੰਡਰੀ ਲੜਕੇ ਵਿਖੇ ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਇਆ ਗਿਆ, ਜਿਸ ਦੌਰਾਨ ਸਵੇਰ ਦੀ ਸਭਾ ਵਿੱਚ ਦੇਸ਼ ਦੀ ਆਨਬਾਨ ਕਾਇਮ ਰੱਖਣ ਲਈ ਸ਼ਹੀਦ ਹੋਏ ਸੈਨਿਕਾਂ ਨੂੰ ਯਾਦ ਕੀਤਾ ਗਿਆ। ਸਕੂਲ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦੇ ਹੋਏ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਸੰਨ 1949 ਵਿੱਚ ਝੰਡਾ ਦਿਵਸ ਮਨਾਉਣ ਦੀ ਸ਼ੁਰੂਆਤ ਕੀਤੀ ਗਈ ਸੀ ਜੋ ਹਰ ਸਾਲ 7 ਦਸੰਬਰ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਆਮ ਨਾਗਰਿਕਾਂ ਕੋਲੋਂ, ਸ਼ਹੀਦ ਹੋਏ ਸੈਨਿਕਾਂ ਦੇ ਪਰਿਵਾਰਾਂ, ਯੁੱਧ ਦੌਰਾਨ ਨਕਾਰਾ ਹੋਏ ਜਵਾਨਾਂ ਅਤੇ ਰਿਟਾਇਰ ਹੋਏ ਜਵਾਨਾਂ ਦੀ ਆਰਥਿਕ ਮਦਦ ਲਈ ਫੰਡ ਇਕੱਠਾ ਕੀਤਾ ਜਾਂਦਾ ਹੈ। ਇਸ ਲਈ ਸਾਨੂੰ ਸਭ ਨੂੰ ਇਸ ਫੰਡ ਵਿੱਚ ਯੋਗਦਾਨ ਪਾ ਕੇ ਦੇਸ਼ ਦੀ ਰੱਖਿਆ ਕਰ ਰਹੇ ਜਵਾਨਾਂ ਅਤੇ ਰੱਖਿਆ ਕਰਦੇ ਹੋਏ ਸ਼ਹੀਦ ਹੋਏ ਜਵਾਨਾਂ ਦੇ ਪਰਿਵਾਰਾਂ ਦੀ ਮੱਦਦ ਕਰਨੀ ਚਾਹੀਦੀ ਹੈ, ਇਸ ਸਮੇਂ ਸਕੂਲ ਪ੍ਰਿੰਸੀਪਲ ਅਤੇ ਸਟਾਫ਼ ਵੱਲੋਂ ਸੈਨਿਕ ਭਲਾਈ ਵਿਭਾਗ ਵੱਲੋਂ ਪ੍ਰਾਪਤ ਹੋਏ ਝੰਡੇ ਵਿਦਿਆਰਥੀਆਂ ਦੇ ਲਗਾਏ ਗਏ ਅਤੇ ਫੰਡ ਇਕੱਠਾ ਕੀਤਾ ਗਿਆ ਸਕੂਲ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਲਗਭਗ 200 ਝੰਡੇ ਖਰੀਦ ਕੇ ਇਸ ਭਲਾਈ ਦੇ ਕਾਰਜ ਵਿੱਚ ਆਪਣਾ ਬਣਦਾ ਯੋਗਦਾਨ ਪਾਇਆ ਗਿਆ। ਇਸ ਸਮੇਂ ਸਕੂਲ ਸਟਾਫ਼ ਵਿੱਚ ਅਰੁਨਦੀਪ, ਰਾਜਪਾਲ ਕੌਰ, ਮਨਪ੍ਰੀਤ ਕੌਰ, ਅਮਨਦੀਪ ਕੌਰ, ਸਤਨਾਮ ਸਿੰਘ, ਗਗਨਦੀਪ ਸਿੰਘ, ਹਰਪਾਲ ਸਿੰਘ, ਕਿਰਨਾ ਰਾਣੀ, ਪਰਮਜੀਤ ਕੌਰ, ਗੁਰਜੀਤ ਕੌਰ, ਗੁਰਸੰਦੀਪ ਸਿੰਘ, ਕਰਮਜੀਤ ਸਿੰਘ, ਹਰਦੀਪ ਸਿੰਘ ਹਾਜ਼ਰ ਸਨ।

# ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਗਰੀਬ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ



ਫ਼ਿਰੋਜ਼ਪੁਰ, 08 ਦਸੰਬਰ (ਮਨੋਹਰ ਲਾਲ) :— ਟਰੱਸਟ ਸਦਾਵਰਤ ਪੰਚਾਇਤੀ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਇਸ ਵਰ੍ਹੇ ਵੀ 101 ਗਰੀਬ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ। ਇਸ ਮੌਕੇ ਤੇ ਟਰੱਸਟ ਸਦਾਵਰਤ ਪੰਚਾਇਤ ਦੇ ਅਹੁਦੇਦਾਰ ਹਾਜ਼ਰ ਸਨ, ਜਿਨ੍ਹਾਂ ਵਿਚ ਅਸ਼ਵਨੀ ਮੌਂਗਾ ਪ੍ਰਧਾਨ, ਓਮ ਪ੍ਰਕਾਸ਼ ਕੈਸ਼ੀਅਰ, ਡੀ.ਕੇ ਬਜਾਜ, ਰਜਨੀਸ਼ ਕਪੂਰ ਹਾਜ਼ਰ ਸਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਜਿਨ੍ਹਾਂ ਨੇ 1914 ਨੂੰ ਟਰੱਸਟ ਦੀ ਸ਼ੁਰੂਆਤ ਕੀਤੀ, ਉਨ੍ਹਾਂ ਮਹਾਨ ਆਤਮਾਵਾਂ ਬਾਰੇ ਪ੍ਰਮਾਤਮਾ ਅੱਗੇ ਅਰਦਾਸ ਬੇਨਤੀ ਕੀਤੀ ਕਿ ਹੇ ਪ੍ਰਮਾਤਮਾ ਉਨ੍ਹਾਂ ਮਹਾਨ ਆਤਮਾ ਨੂੰ ਸਵਰਗ ਵਿਚ ਵਾਧਾ ਕਰੀ, ਜਿਨ੍ਹਾਂ ਨੇ ਆਪਣੀਆਂ ਜਾਇਦਾਦਾਂ ਅਤੇ ਆਪਣਾ ਪੈਸਾ ਟਰੱਸਟ ਸਦਾਵਰਤ ਪੰਚਾਇਤੀ ਦੇ ਨਾਮ ਤੇ ਲੁਆਈਆਂ ਅਤੇ 111 ਸਾਲਾਂ ਤੋਂ ਉਸੇ ਤਰ੍ਹਾਂ ਹੀ ਟਰੱਸਟ ਸਦਾਵਰਤ ਪੰਚਾਇਤੀ ਕੰਮ ਕਰਦੀ ਆ ਰਹੀ ਹੈ। ਇਸ ਮੌਕੇ ਤੇ ਪ੍ਰਧਾਨ ਸ੍ਰੀ ਅਸ਼ਵਨੀ ਮੌਂਗਾ ਨੇ ਬੋਲਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਇਕ ਸੱਚੀ—ਸੁੱਚੀ ਸੇਵਾ ਹੈ, ਸਾਨੂੰ ਇਨ੍ਹਾਂ ਲੜਵੰਦ ਅਤੇ ਗਰੀਬ ਲੋਕਾਂ ਦੀ ਵੱਧ ਤੋਂ ਵੱਧ ਸੇਵਾ ਕਰਨੀ ਚਾਹੀਦੀ ਹੈ ਤਾਂ ਜੋ ਆਪਣੇ ਘਰ ਵਿਚ ਭੁੱਖਾ ਨਾ ਸੋਵੇ। ਇਸ ਮੌਕੇ ਤੇ ਸ੍ਰੀ ਓਮ ਪ੍ਰਕਾਸ਼ ਕੈਸ਼ੀਅਰ ਨੇ ਬੋਲਦਿਆਂ ਕਿਹਾ ਕਿ ਟਰੱਸਟ ਸਦਾਵਰਤ ਪੰਚਾਇਤੀ ਹਰ ਲੋੜਵੰਦ ਪਰਿਵਾਰ ਦੀ ਮੱਦਦ ਕਰਦੀ ਆ ਰਹੀ ਹੈ, ਇਸ ਤੋਂ ਇਲਾਵਾ ਕਰੋਨਾ ਕਾਲ, ਹੜ੍ਹ ਆਉਣ ਤੇ ਕੁਦਰਤੀ ਆਫਤਾਂ ਲਈ ਹਰ ਵੇਲੇ ਹਮੇਸ਼ਾ ਪ੍ਰਸ਼ਾਸਨ ਦੇ ਨਾਲ ਕੜੀ ਵਾਂਗੂ ਕੰਮ ਕਰਦੀ ਹੈ। ਇਸ ਮੌਕੇ ਤੇ ਸ੍ਰੀ ਡੀ.ਕੇ ਬਜਾਜ ਨੇ ਕਿਹਾ ਕਿ ਇਹ ਜ਼ਰੂਰੀ ਨਹੀਂ ਕਿ ਪਰਿਵਾਰ ਗਰੀਬ ਹੋਵੇ ਅੱਜ—ਕੱਲ ਚੰਗੇ—ਚੰਗੇ ਘਰ ਵੀ ਭੁੱਖ ਦਾ ਸ਼ਿਕਾਰ ਹਨ ਅਤੇ ਉਹ ਕਿਸੇ ਨੂੰ ਦਸ ਨਹੀਂ ਰਹੇ, ਕਿਉਂਕਿ ਚੰਗੇ ਪਰਿਵਾਰਾਂ ਵਿਚ ਜਦੋਂ ਘਰਦੇ ਮੁਖੀ ਦੀ ਮੌਤ ਹੋ ਜਾਂਦੀ ਹੈ ਤਾਂ ਉਹ ਰੋਟੀ ਤੋਂ ਮੁਥਾਜ ਹੋ ਜਾਂਦੇ ਹਨ। ਸਾਨੂੰ ਇਨ੍ਹਾਂ ਪਰਿਵਾਰਾਂ ਦੀ ਵੀ ਮੱਦਦ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਰਜਨੀਸ਼ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਅਤੇ ਅਹੁਦੇਦਾਰਾਂ ਨੇ ਬੋਲਦਿਆਂ ਕਿਹਾ ਕਿ ਸਾਨੂੰ ਆਪਣੀ ਨੇਕ ਕਮਾਈ ਵਿਚੋਂ ਦਸਵੰਧ ਕੱਢ ਕੇ ਇਨ੍ਹਾਂ ਲੋੜਵੰਦ ਅਤੇ ਗਰੀਬ ਪਰਿਵਾਰਾਂ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਗਰੀਬ ਤੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਦੀ ਸਕੂਲ ਵਿਚ ਫੀਸ, ਕਿਤਾਬਾਂ, ਦਵਾਈਆਂ ਦੇਣੀਆਂ ਚਾਹੀਦੀਆਂ ਹਨ ਤਾਂ ਜੋ ਬੱਚਾ ਪੜ੍ਹ—ਲਿਖ ਕੇ ਤੁਹਾਨੂੰ ਅਸੀਸਾਂ ਦੇਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜਥੇਦਾਰ ਗੜਗੱਜ ਨੇ ਦਿੱਲੀ ਦੀ ਮੁੱਖ ਮੰਤਰੀ ਕੋਲ

# ਬੰਦੀ ਸਿੰਘ ਭਾਈ ਦੇਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦਾ ਮਾਮਲਾ ਉਠਾਇਆ



**ਸ੍ਰੀ ਅੰਮ੍ਰਿਤਸਰ, 8 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੀ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੇ ਅੱਜ ਆਪਣੀ ਸਰਕਾਰ ਦੀ ਸਮੁੱਚੀ ਕੈਬਨਿਟ ਦੇ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਨਾਲ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮੁਲਾਕਾਤ ਕੀਤੀ।

ਇਸ ਇਕੱਤਰਤਾ ਮੌਕੇ ਗੱਲਬਾਤ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੂੰ ਆਖਿਆ ਕਿ ਉਨ੍ਹਾਂ ਦੀ ਸਰਕਾਰ ਦੇ ਕੋਲ ਬੰਦੀ ਸਿੰਘ ਪ੍ਰੋ. ਦੇਵਿੰਦਰਪਾਲ ਸਿੰਘ ਭੁੱਲਰ ਦਾ ਮਾਮਲਾ ਲਮਕਿਆ ਹੋਇਆ ਹੈ ਅਤੇ ਉਨ੍ਹਾਂ ਦੇ ਇੱਕ ਦਸਤਖ਼ਤ ਨਾਲ ਉਹ ਰਿਹਾਅ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਪ੍ਰੋ. ਦੇਵਿੰਦਰਪਾਲ ਸਿੰਘ ਦਾ ਮਾਮਲਾ ਲਮਕਾਇਆ ਗਿਆ ਹੈ ਅਤੇ ਮੌਜੂਦਾ ਭਾਜਪਾ ਸਰਕਾਰ ਦੇ ਕੋਲ ਉਨ੍ਹਾਂ ਨੂੰ ਰਿਹਾਅ ਕਰਨ ਦਾ ਇੱਕ ਚੰਗਾ ਮੌਕਾ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਦੇਸ਼ ਦੀ ਸੁਰੱਖਿਆ ਦੀ ਗੱਲ ਆਉਂਦੀ ਹੈ ਤਾਂ ਸਭ ਤੋਂ ਵੱਧ ਪੰਜਾਬ ਦੇ ਨੌਜਵਾਨ ਮੂਹਰੇ ਹੋ ਕੇ ਆਪਣੀ ਹਿੱਕ ਢਾਹੁੰਦੇ ਹਨ। ਜਥੇਦਾਰ ਗੜਗੱਜ ਵੱਲੋਂ ਚੁੱਕੇ ਗਏ ਮਾਮਲੇ ਨੂੰ ਦਿੱਲੀ ਦੀ ਮੁੱਖ ਮੰਤਰੀ ਵੱਲੋਂ ਗੌਰ ਨਾਲ ਸੁਣਿਆ ਗਿਆ ਅਤੇ ਭਰੋਸਾ ਦਿੱਤਾ ਗਿਆ ਕਿ ਉਹ ਇਸ ਮਾਮਲੇ ਨੂੰ ਹੱਲ ਕਰਨ ਲਈ ਯਤਨ ਕਰਨਗੇ।

ਇਸ ਮੌਕੇ ਸਕੱਤਰੇਤ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜੁਗਿੰਦਰ ਸਿੰਘ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰੇ ਗਿਆਨੀ ਮੰਗਲ ਸਿੰਘ ਤੋਂ ਇਲਾਵਾ ਦਿੱਲੀ ਸਰਕਾਰ ਦੀ ਕੈਬਨਿਟ ਦੇ ਕੁਝ ਮੰਤਰੀ ਵੀ ਹਾਜ਼ਰ ਸਨ।

ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸਮਿਤੀ ਦੀਆਂ ਚੋਣਾਂ ਲੁੱਟਣ ਲਈ

# ਸੂਬਾ ਸਰਕਾਰ ਨੇ ਰੋਲਿਆ ਲੋਕਤੰਤਰ : ਰਣਜੀਤ ਸਿੰਘ ਰੰਧਾਵਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸਮਿਤੀ ਦੀਆਂ ਚੋਣਾਂ ਚ ਸੱਤਾਧਾਰੀ ਪਾਰਟੀ ਤੇ ਜਬਰੀ ਨਾਮਜ਼ਦਗੀ ਫਾਈਲਾਂ ਖੋਹ ਕੇ ਪਾੜਨ ਅਤੇ ਜਮਾਂ ਕੀਤੀਆ ਫਾਈਲਾਂ ਨੂੰ ਰੱਦ ਕਰਨ ਦੇ ਦੋਸ਼ ਲਾਉਂਦੇ ਹੋਏ ਰਣਜੀਤ ਸਿੰਘ ਰੰਧਾਵਾ ਕਾਤਰੋਂ ਹਲਕਾ ਇੰਚਾਰਜ ਧੂਰੀ ਨੇ ਕਿ ਸੂਬਾ ਸਰਕਾਰ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸਮਿਤੀ ਚੋਣਾਂ ਲੁੱਟਣ ਦੀ ਮੰਨਸ਼ਾ ਨਾਲ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਨਾਲ ਧੱਕੇਸ਼ਾਹੀਆ ਕੀਤੀ ਹਨ। ਪੰਜਾਬ ਸਰਕਾਰ ਆਪਣੀ ਹਾਰ ਦੀ ਬੌਖਲਾਹਟ ਨੂੰ ਦੇਖਦੇ ਹੋਏ ਮਨੀਸ਼ ਸਿਸੋਦੀਆ ਦੇ ਬਿਆਨ ਸ਼ਾਮ ਦਾਮ ਡੰਡ ਭੇਦ ਤੇ ਚੱਲ ਰਹੀ ਹੈ ਤੇ ਉਹ ਇਲੈਕਸ਼ਨ ਜਿੱਤਣ ਲਈ ਹਰ ਹੀਲਾ ਅਪਨਾ ਰਹੀ ਹੈ। ਜਿਸ ਵਿੱਚ ਪੰਜਾਬ ਪੁਲਿਸ ਵੀ ਇਹਨਾਂ ਦੇ ਨਾਲ ਮੋਢਾ ਲਾ ਕੇ ਸਾਥ ਦੇ ਰਹੀ ਹੈ। ਉਹਨਾਂ ਕਿਹਾ ਕੇ ਬਦਲਾਅ ਦੇ ਨਾਮ ਤੇ ਸੱਤਾ ਚ ਆਈ ਆਮ ਆਦਮੀ ਪਾਰਟੀ ਲੋਕਤੰਤਰ ਹਰ ਅਵਾਜ ਨੂੰ ਦਬਾ ਰਹੀ ਹੈ। ਹਲਕਾ ਤਰਨ ਤਾਰਨ ਨੀ ਪੂਰੇ ਪੰਜਾਬ ਚ ਸਰਕਾਰ ਸ਼੍ਰੋਮਣੀ ਅਕਾਲ ਦਲ ਅਤੇ ਹੋਰ ਰਾਜਨੀਤਿਕ ਪਾਰਟੀ ਦੀਆਂ ਫਾਇਲਾ ਰੱਦ ਕਰਕੇ ਆਪਣੇ ਉਮੀਦਵਾਰਾਂ ਨੂੰ ਜਿਤਾ ਰਹੀ ਹੈ।

# ਪੰਜਾਬ ਸਰਕਾਰ ਵੱਲੋਂ ਅੰਮ੍ਰਿਤਪਾਲ ਖਾਲਸਾ ਨੂੰ ਪੈਰੋਲ ਨਾ ਦੇਣਾ ਲੋਕਤੰਤਰ ਦਾ ਘਾਣ ਹੈ-ਪੰਮਾ ਬਾਠ



ਧੂਰੀ ( ਰਣਜੀਤ ਸਿੰਘ ਪੇਧਨੀ ) ਦਸੰਬਰ ਮਹੀਨੇ ਦੇ ਚੱਲ ਰਹੇ ਪਾਰਲੀਮੈਂਟ ਸੈਸ਼ਨ ਵਿੱਚ ਹਾਜ਼ਰ ਹੋਣ ਦੇ ਲਈ ਸ੍ਰੀ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਵੱਲੋਂ ਪੈਰੋਲ ਮੰਗੇ ਜਾਣ ਤੇ ਪੰਜਾਬ ਸਰਕਾਰ ਵੱਲੋਂ ਕੋਰੀ ਨਾ ਕਰ ਦੇਣਾ ਇਹ ਲੋਕਤੰਤਰ ਦਾ ਘਾਣ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਹਨਾਂ ਕਿਹਾ ਕਿ ਇੱਕ ਪਾਸੇ ਤਾਂ ਪੰਜਾਬ ਸਰਕਾਰ ਆਖ ਰਹੀ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਉੱਪਰ ਐਨਐਸਏ ਕੇਂਦਰ ਸਰਕਾਰ ਦੇ ਵੱਲੋਂ ਲਾਈ ਗਈ ਹੈ, ਦੂਜੇ ਪਾਸੇ ਪੈਰੋਲ ਮੰਗੇ ਜਾਣ ਤੇ ਕੋਰਟ ਦੇ ਵੱਲੋ ਪੰਜਾਬ ਸਰਕਾਰ ਤੇ ਜਵਾਬ ਮੰਗਿਆ ਗਿਆ ਸੀ। ਪਰ ਪੰਜਾਬ ਸਰਕਾਰ ਦੇ ਵੱਲੋਂ ਪੈਰੋਲ ਦੇਣ ਦੇ ਲਈ ਨਾ ਕਰ ਦੇਣਾ ਇਹ ਸ਼ਰੇਆਮ ਲੋਕਤੰਤਰ ਦਾ ਘਾਣ ਹੈ ਉਨ੍ਹਾਂ ਕਿਹਾ ਕਿ 18 ਲੱਖ ਲੋਕਾਂ ਨੇ ਸ੍ਰੀ ਖਡੂਰ ਸਾਹਿਬ ਤੇ ਭਾਈ ਅੰਮ੍ਰਿਤਪਾਲ ਖਾਲਸਾ ਨੂੰ ਮੈਂਬਰ ਪਾਰਲੀਮੈਂਟ ਬਣਾਇਆ ਹੈ ਅਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦਾ ਫਰਜ ਹੈ ਕਿ ਉਹ ਪਾਰਲੀਮੈਂਟ ਵਿੱਚ ਜਾ ਕੇ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ, ਪਰ ਉਹਨਾਂ ਨੂੰ ਪਾਰਲੀਮੈਂਟ ਦੇ ਵਿੱਚ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ ਉਹਨਾ ਕਿਹਾ ਕਿ ਪੰਜਾਬ ਅਤੇ ਕੇਂਦਰ ਸਰਕਾਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਖੌਫ ਖਾ ਰਹੀ ਹੈ।

# 328 ਗੁੰਮ ਹੋਏ ਪਾਵਨ ਸਰੂਪਾਂ ਦੀ ਤਤਕਾਲੀ ਦੋਸ਼ੀਆਂ ਵਿਰੁੱਧ ਮਾਮਲਾ ਦਰਜ ਕਰਵਾਉਣ ਵਿੱਚ ਬਾਬਾ ਬੇਦੀ ਅਤੇ ਬਾਬਾ ਸੇਵਾ ਸਿੰਘ ਰਾਮਪੁਰ ਖੇੜੇ ਵਾਲਿਆਂ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ: ਭੋਮਾ



**ਸ੍ਰੀ ਅੰਮ੍ਰਿਤਸਰ, 8 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਕਿਹਾ ਕਿ ਕੱਲ੍ਹ ਜੋ ਪੰਜਾਬ ਸਰਕਾਰ ਵਲੋਂ 328 ਗੁੰਮ ਹੋਏ ਪਾਵਨ ਸਰੂਪਾਂ ਦੀ ਐਫ ਆਈ ਆਰ ਕੱਟਵਾਈ ਗਈ ਹੈ। ਉਹ ਐਫ ਆਈ ਆਰ ਦਰਜ ਕਰਵਾਉਣ ਵਿੱਚ ਸੰਤ ਬਾਬਾ ਸਰਬਜੋਤ ਸਿੰਘ ਬੇਦੀ ਅਤੇ ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜੇ ਵਾਲਿਆਂ ਨੇ ਇੱਕ ਅਹਿਮ ਰੋਲ ਨਿਭਾਇਆ ਹੈ। ਇਸੇ ਤਰ੍ਹਾਂ ਪੰਥ ਪ੍ਰਸਿੱਧ ਹਜ਼ੂਰੀ ਰਾਗੀ ਭਾਈ ਬਲਦੇਵ ਸਿੰਘ ਵਡਾਲਾ ਵਲੋਂ ਲੰਮਾ ਸੰਘਰਸ਼ ਤੇ ਸਤਿਕਾਰ ਕਮੇਟੀਆਂ ਤੇ ਪੰਥਕ ਜਥੇਬੰਦੀਆਂ ਵਲੋਂ ਸਮੈਂ ਸਮੇਂ ਤੇ ਇਸ ਮੁੱਦੇ ਤੇ ਅਵਾਜ਼ ਬੁਲੰਦ ਕਰਨੀ ਤੇ ਸੰਘਰਸ਼ ਕਰਨਾ ਤੇ ਕਿਸਾਨ ਆਗੂ ਸ ਜਗਜੀਤ ਸਿੰਘ ਡੱਲੇਵਾਲ ਵਲੋਂ ਕੱਲ੍ਹ ਮਹਾਂ ਪੰਚਾਇਤ ਬੁਲਾ ਕੇ ਜਿਸ ਤਰ੍ਹਾਂ ਪੰਜਾਬ ਸਰਕਾਰ ਤੇ ਦਬਾਅ ਬਣਾਇਆਂ ਗਿਆ ਤੇ ਅਖੀਰ ਪੰਜਾਬ ਸਰਕਾਰ ਨੂੰ ਸੰਜੀਦਗੀ ਵਿਖਾਉਂਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ ਕੁਲਤਾਰ ਸਿੰਘ ਸੰਧਵਾਂ ਅਤੇ ਕੈਬਨਿਟ ਮੰਤਰੀ ਸ ਹਰਜੋਤ ਸਿੰਘ ਬੈਂਸ , ਸਾਬਕਾ ਮੰਤਰੀ ਸ ਇੰਦਰਬੀਰ ਸਿੰਘ ਨਿੱਝਰ ਨੂੰ ਮਹਾਂ ਪੰਚਾਇਤ ਵਿੱਚ ਭੇਜ ਕੇ ਮੌਕੇ ਤੇ ਤਤਕਾਲੀ ਦੋਸ਼ੀਆਂ ਵਿਰੁੱਧ ਐਫ ਆਈ ਆਰ ਕਟਵਾਉਣ ਦਾ ਐਲਾਨ ਕਰਨਾ ਪਿਆ ਤੇ ਅਖੀਰ ਕੋਤਵਾਲੀ ਪੁਲਸ ਨੂੰ ਐਫ ਆਈ ਆਰ ਦਰਜ਼ ਕਰਨੀ ਪਈ। ਉਹਨਾਂ ਕਿਹਾ ਪੰਜਾਬ ਸਰਕਾਰ ਦੇਰ ਬਾਅਦ ਹਰਕਤ ਵਿੱਚ ਆਈ ਹੈ ਪਰ ਦੇਰ ਆਏ ਦਰੁਸਤ ਆਏ। ਇਸੇ ਤਰ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਕਿਤਾਬਾਂ ਵਿੱਚ ਜਿਸ ਤਰ੍ਹਾਂ ਇਤਿਹਾਸ ਨੂੰ ਤਰੋੜਿਆ ਮਰੋੜਿਆ ਗਿਆ ਹੈ ਉਸ ਦਾ ਸ ਬਲਦੇਵ ਸਿੰਘ ਸਿਰਸਾ ਵਲੋਂ ਸਮੇਂ ਨੋਟਿਸ ਲੈਣਾ ਤੇ ਸੰਘਰਸ਼ ਕਰਨਾ ਉਹ ਵੀ ਕਾਬਲੇ ਤਾਰੀਫ ਹੈ। ਪੰਜਾਬ ਸਰਕਾਰ ਨੂੰ ਇਸ ਮਾਮਲੇ ਵਿੱਚ ਦੋਸ਼ੀਆਂ ਵਿਰੁੱਧ ਮਾਮਲਾ ਦਰਜ ਕਰਵਾਉਣਾ ਪਿਆ ਹੈ । ਉਹਨਾਂ ਕਿਹਾ ਬਾਦਲ ਲਾਣੇ ਨੂੰ ਹੋਰ ਢੁਕਵੀਂ ਸਜ਼ਾ ਦੇਣ ਲਈ ਆਉਣ ਵਾਲੀਆਂ ਸ਼੍ਰੋਮਣੀ ਕਮੇਟੀ ਚੋਣਾਂ ਵਿੱਚ ਸਮੁੰਦਰੀ ਹਾਲ ਵਿਚੋਂ ਬਾਹਰ ਕੱਢਣ ਦੀਆਂ ਸਾਰੀਆਂ ਪੰਥਕ ਜਥੇਬੰਦੀਆਂ ਨੂੰ ਹੁਣ ਤੋਂ ਤਿਆਰੀਆਂ ਅਰੰਭਣੀਆ ਚਾਹੀਦੀਆਂ ਹਨ।

# ਜੰਮੂ-ਕਸ਼ਮੀਰ ਵਿੱਚ ਉੱਜੜੇ ਸਿੱਖ ਪਰਿਵਾਰਾਂ ਲਈ ਵਿਸ਼ੇਸ਼ ਪੁਨਰਵਾਸ ਯੋਜਨਾ ਅਤੇ ਸਿੱਖਾਂ ਲਈ ਘੱਟ ਗਿਣਤੀ ਸਹੂਲਤਾਂ ਦੀ ਮੰਗ: ਸਾਹਨੀ

**ਨਵੀਂ ਦਿੱਲੀ 8 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੇ ਜੰਮੂ-ਕਸ਼ਮੀਰ ਵਿੱਚ ਉੱਜੜੇ ਸਿੱਖ ਪਰਿਵਾਰਾਂ ਲਈ ਵਿਸ਼ੇਸ਼ ਪੁਨਰਵਾਸ ਯੋਜਨਾ ਅਤੇ ਸਿੱਖਾਂ ਲਈ ਘੱਟ ਗਿਣਤੀ ਸਹੂਲਤਾਂ ਦੀ ਮੰਗ ਕੀਤੀ। ਸੰਸਦ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਅੱਜ ਸੰਸਦ ਵਿੱਚ ਪਾਕਿਸਤਾਨ ਅਤੇ ਅਫਗਾਨਿਸਤਾਨ ਤੋਂ ਸ਼ਰਨਾਰਥੀਆਂ ਵਜੋਂ ਉਜੜ ਕੇ ਆਏ ਸਿੱਖ ਪਰਿਵਾਰਾਂ ਅਤੇ 1984 ਦੀ ਨਸਲਕੁਸ਼ੀ ਕਾਰਣ ਵਿਸਥਾਪਿਤ ਹੋਏ ਸਿੱਖਾਂ ਲਈ ਪੁਨਰਵਾਸ ਦਾ ਅਹਿਮ ਅਤੇ ਲੰਬੇ ਸਮੇਂ ਤੋਂ ਅਣਗੌਲਿਆ ਮੁੱਦਾ ਉਠਾਇਆ। ਡਾ. ਸਾਹਨੀ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਅਤੇ ਚੰਬਾ ਤੋਂ ਉੱਜੜੇ ਪਰਿਵਾਰਾਂ ਲਈ 2015 ਦੇ ਪੈਕੇਜ ਵਾਂਗ ਇੱਕ ਵਿਆਪਕ ਅਤੇ ਸਮਰਪਿਤ ਯੋਜਨਾ ਤੁਰੰਤ ਪੇਸ਼ ਕਰੇ, ਜੋ ਦੇਸ਼ ਭਰ ਦੇ ਸਾਰੇ ਵਿਸਥਾਪਿਤ ਸਿੱਖ ਪਰਿਵਾਰਾਂ ਲਈ ਸਥਾਈ ਰਿਹਾਇਸ਼, ਰੋਜ਼ੀ-ਰੋਟੀ ਸਹਾਇਤਾ, ਵਿਦਿਅਕ ਸਹਾਇਤਾ ਅਤੇ ਹੁਨਰ ਵਿਕਾਸ ਪ੍ਰਦਾਨ ਕਰੇ , ਜਿਸ ਨਾਲ ਉਨ੍ਹਾਂ ਦਾ ਅਸਲ ਪੁਨਰਵਾਸ ਯਕੀਨੀ ਬਣਾਇਆ ਜਾ ਸਕੇ। ਡਾ. ਸਾਹਨੀ ਨੇ ਇਹ ਵੀ ਮੰਗ ਕੀਤੀ ਕਿ ਸਰਕਾਰ ਜੰਮੂ-ਕਸ਼ਮੀਰ ਵਿੱਚ ਸਿੱਖਾਂ ਨੂੰ ਘੱਟ ਗਿਣਤੀ ਸਹੂਲਤਾਂ ਪ੍ਰਦਾਨ ਕਰੇ, ਜਿਵੇਂ ਕਿ ਕਸ਼ਮੀਰੀ ਪੰਡਤਾਂ ਨੂੰ ਪ੍ਰਦਾਨ ਕੀਤੀਆਂ ਗਈਆਂ ਹਨ।

# ਡਾ. ਨਵਜੋਤ ਕੌਰ ਸਿੱਧੂ ਕਾਂਗਰਸ ਦੀ ਪ੍ਰਾਈਮਰੀ ਮੈਂਬਰਸ਼ਿਪ ਤੋਂ ਸਸਪੈਂਡ — ਪੰਜਾਬ ਕਾਂਗਰਸ ਕਮੇਟੀ ਵੱਲੋਂ ਤੁਰੰਤ ਕਾਰਵਾਈ



PUNJAB PRADESH CONGRESS COMMITTEE
Punjab Congress Bhawan, Sector 15-A, CHANDIGARH - 160 015

Amarinder Singh
(Raja Warring)
Member of Parliament (Lok Sabha)
President

ਅਮਰਿੰਦਰ ਸਿੰਘ
ਪ੍ਰਧਾਨ

Dated: 08.12.2025

OFFICE ORDER

Dr. Navjot Kaur Sidhu is hereby suspended from the Primary Membership of the party with immediate effect.

(Amrinder Singh Raja Warring)



**ਚੰਡੀਗੜ੍ਹ, 8 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਨੇ ਅੱਜ ਇੱਕ ਮਹੱਤਵਪੂਰਨ ਅਤੇ ਤੁਰੰਤ ਕਦਮ ਚੁੱਕਦਿਆਂ ਡਾ. ਨਵਜੋਤ ਕੌਰ ਸਿੱਧੂ ਨੂੰ ਪਾਰਟੀ ਦੀ ਪ੍ਰਾਈਮਰੀ ਮੈਂਬਰਸ਼ਿਪ ਤੋਂ ਸਸਪੈਂਡ ਕਰਨ ਦਾ ਐਲਾਨ ਕੀਤਾ ਹੈ। ਇਹ ਫੈਸਲਾ ਪਾਰਟੀ ਦੇ ਪ੍ਰਧਾਨ ਅਤੇ ਲੋਕ ਸਭਾ ਮੈਂਬਰ ਅਮਰਿੰਦਰ ਸਿੰਘ (ਰਾਜਾ ਵੜਿੰਗ) ਵੱਲੋਂ ਜਾਰੀ ਕੀਤੇ ਅਧਿਕਾਰਿਕ ਆਫ਼ਿਸ ਆਰਡਰ ਰਾਹੀਂ ਸਾਹਮਣੇ ਆਇਆ। ਪੰਜਾਬ ਕਾਂਗਰਸ ਭਵਨ, ਸੈਕਟਰ 15-ਏ, ਚੰਡੀਗੜ੍ਹ ਤੋਂ ਜਾਰੀ ਇਸ ਦਸਤਾਵੇਜ਼ ਵਿੱਚ ਲਿਖਿਆ ਹੈ ਕਿ ਸਸਪੈਂਸ਼ਨ ਤੁਰੰਤ ਪ੍ਰਭਾਵ ਨਾਲ ਲਾਗੂ ਮੰਨੀ ਜਾਵੇਗੀ। ਆਰਡਰ ਵਿੱਚ ਕੋਈ ਕਾਰਨ ਤਾਂ ਨਹੀਂ ਦਿੱਤਾ ਗਿਆ, ਪਰ ਸਿਆਸੀ ਪੱਧਰ 'ਤੇ ਇਸ ਨੂੰ ਹਾਲੀਆਂ ਘਟਨਾਵਾਂ ਅਤੇ ਅੰਦਰੂਨੀ ਤਣਾਵਾਂ ਨਾਲ ਜੋੜ ਕੇ ਵੇਖਿਆ ਜਾ ਰਿਹਾ ਹੈ। ਕਾਂਗਰਸ ਦੇ ਇਸ ਕਦਮ ਨਾਲ ਰਾਜਨੀਤਕ ਗਲਿਆਰੇ ਵਿੱਚ ਚਰਚਾਵਾਂ ਤੇਜ਼ ਹੋ ਗਈਆਂ ਹਨ। ਡਾ. ਨਵਜੋਤ ਕੌਰ ਸਿੱਧੂ, ਜੋ ਆਪਣੇ ਸਿੱਧੇ ਸੁਭਾਵ ਅਤੇ ਬੇਬਾਕ ਬਿਆਨਾਂ ਲਈ ਜਾਣੀਆਂ ਜਾਂਦੀਆਂ ਹਨ, ਪੰਜਾਬ ਕਾਂਗਰਸ ਦੀ ਇੱਕ ਉੱਘੀ ਚਿਹਰਾ ਰਹੀ ਹਨ। ਪਾਰਟੀ ਨੇ ਹੁਣ ਤੱਕ ਸਸਪੈਂਸ਼ਨ ਦੇ ਮੁੱਖ ਕਾਰਣਾਂ ਬਾਰੇ ਕੋਈ ਅਧਿਕਾਰਕ ਬਿਆਨ ਨਹੀਂ ਜਾਰੀ ਕੀਤਾ, ਪਰ ਅਗਲੇ ਕੁਝ ਦਿਨਾਂ ਵਿੱਚ ਇਸ ਮਾਮਲੇ 'ਤੇ ਹੋਰ ਪਾਰਟੀ ਪ੍ਰਤੀਕ੍ਰਿਆਵਾਂ ਸਾਹਮਣੇ ਆਉਣ ਦੀ ਉਮੀਦ ਹੈ। ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਦਸਤਖ਼ਤ ਕੀਤੇ ਗਏ ਇਸ ਆਫ਼ਿਸ ਆਰਡਰ ਨੇ ਪਾਰਟੀ ਅੰਦਰ ਅਨੁਸ਼ਾਸਨ ਅਤੇ ਸੰਗਠਨਕ ਸਖ਼ਤੀ ਦੇ ਨਵੇਂ ਸੰਕੇਤ ਦਿੱਤੇ ਹਨ।

# ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦਮਦਮੀ ਟਕਸਾਲ ਦੇ ਸੋਲਵੇਂ ਮੁਖੀ ਪੰਜਾਬ ਤੋਂ ਬਾਹਰ ਮਹਾਂਰਾਸ਼ਟਰ 'ਚ ਉਥੋਂ ਦੇ ਸਿੱਖਾਂ ਨੂੰ ਦਰਪੇਸ਼ ਮਸਲਿਆਂ ਦੇ ਹੱਲ ਵਾਸਤੇ ਨਿਰੰਤਰ ਯਤਨਸ਼ੀਲ ਹਨ

ਹਥਿਆਰਬੰਦ ਸੰਘਰਸ਼ ਦੇ ਬਾਅਦ ਕੌਮ ਅੰਦਰ ਬਣੇ ਢਹਿੰਦੀਕਲਾ ਤੇ ਬੇਵਿਸ਼ਵਾਸੀ ਵਾਲੇ ਮਾਹੌਲ , ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਸ਼ਰੀਰਿਕ ਤੌਰ ਤੇ ਸੰਸਾਰ ਅੰਦਰ ਮੌਜੂਦ ਹਨ ਕਿ ਨਹੀਂ ਦੀ ਲਗਾਤਾਰ ਚੱਲਦੀ ਚਰਚਾ ਤੇ ਕੌਮ ਦੇ ਜ਼ਿਆਦਾਤਰ ਸੰਤ ਬਾਬਿਆਂ ਵੱਲੋਂ ਆਪੋ ਆਪਣੇ ਅਸਥਾਨਾਂ ਡੇਰਿਆਂ ਤੱਕ ਸੀਮਤ ਹੋ ਕੇ ਰਹਿ ਜਾਣ ਦਰਮਿਆਨ ਦਸੰਬਰ 2004 ਚ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦਮਦਮੀ ਟਕਸਾਲ ਦੇ ਸੋਲਵੇਂ ਮੁੱਖੀ ਵਜੋਂ ਸਿੱਖ ਸੰਗਤਾਂ ਸਾਹਮਣੇ ਦ੍ਰਿਸ਼ਮਾਨ ਹੁੰਦੇ ਹਨ॥ ਦਮਦਮੀ ਟਕਸਾਲ ਦੇ ਮੁੱਖੀ ਵਜੋਂ ਜ਼ਿੰਮੇਵਾਰੀ ਸੰਭਾਲਣ ਤੋਂ ਬਾਅਦ ਬਾਬਾ ਜੀ ਸਾਹਮਣੇ ਕਈ ਗੰਭੀਰ ਚੁਣੌਤੀਆਂ ਦਰਪੇਸ਼ ਸਨ ਪਰ ਸਮਾਂ ਬੀਤਣ ਦੇ ਨਾਲ ਸਾਹਮਣੇ ਖੜੀਆਂ ਚੁਣੌਤੀਆਂ ਤੇ ਆਪਣੇ ਖਿਲਾਫ ਹੁੰਦੇ ਕੂੜ ਪ੍ਰਚਾਰ ਦਰਮਿਆਨ ਸਹਿਜ ਅਵਸਥਾ ਚ ਵਿਚਰਦਿਆਂ ਗੁਰੂ ਸਾਹਿਬ ਜੀ ਉੱਪਰ ਅਟੱਲ ਭਰੋਸਾ ਰੱਖਦਿਆਂ ਇੱਕ ਸੁਲਝੇ ਹੋਏ ਨੀਤੀਵਾਨ ਵਾਂਗ ਸਮੇਂ ਸਮੇਂ ਰਾਜਨੀਤਕਾਂ ਨਾਲ ਸਾਂਝ ਰੱਖਦਿਆਂ ਕਈ ਕੌਮੀ ਕਾਰਜਾਂ ਨੂੰ ਨੇਪਰੇ ਚਾੜਿਆ , ਮੁੱਖੀ ਬਣਨ ਤੋਂ ਲੈਕੇ ਮੌਜੂਦਾ ਸਮੇਂ ਤੱਕ ਸਿੱਖੀ ਸਿਧਾਂਤਾਂ ਤੇ ਮਰਿਆਦਾ ਤੇ ਡੱਟਕੇ ਪਹਿਰਾ ਦੇਣਾਂ ਵੀ ਆਪਣਾ ਫਰਜ਼ ਸਮਝਿਆ , ਸਮੇਂ ਸਮੇਂ ਤੇ ਰਾਜਨੀਤਕਾਂ ਵੱਲੋਂ ਕੀਤੇ ਜਾਂਦੇ ਸ਼ੁੱਭ ਕਾਰਜਾਂ ਤੇ ਉਹਨਾਂ ਦੀ ਪਿੱਠ ਥਾਪੜੀ ਤੇ ਜਿੱਥੇ ਗਲਤ ਹੁੰਦਾ ਦਿੱਸਿਆ ਉਸਦੀ ਸਖ਼ਤੀ ਨਾਲ ਖਿਲਾਫਤ ਵੀ ਕਰੀ ਏ॥ ਮੌਜੂਦਾ ਸਮੇਂ ਬਾਬਾ ਜੀ ਪੰਜਾਬ ਤੋਂ ਬਾਹਰ ਮਹਾਂਰਾਸ਼ਟਰ ਚ ਉਥੋਂ ਦੇ ਸਿੱਖਾਂ ਨੂੰ ਦਰਪੇਸ਼ ਮਸਲਿਆਂ ਦੇ ਹੱਲ ਵਾਸਤੇ ਨਿਰੰਤਰ ਯਤਨਸ਼ੀਲ ਹਨ ਬਾਬਾ ਜੀ ਦੀ ਅਗਵਾਈ ਚ ਹੋ ਰਹੇ ਸਮਾਜਿਕ ਤੇ ਧਾਰਮਿਕ ਕਾਰਜਾਂ ਕਾਰਨ ਉੱਥੇ ਵੱਸਦੇ ਸਿੱਖ ਬਾਰੰਬਾਰ ਸ਼ੁਕਰਗੁਜ਼ਾਰ ਹਨ ਬੀਤੇ ਦਿਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਪ੍ਰੇਰਨਾ ਸਦਕਾ ਮਹਾਂਰਾਸ਼ਟਰ ਦੀ ਸਰਕਾਰ ਵੱਲੋਂ ਜੋ ਨਾਗਪੁਰ (ਮਹਾਂਰਾਸ਼ਟਰ) ਚ ਨੌਵੇਂ ਪਾਤਸ਼ਾਹ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਮਹਾਰਾਜ ਜੀ ਦੇ 350ਵੇਂ ਸ਼ਹੀਦੀ ਸਮਾਗਮਾਂ ਨੂੰ ਸਮਰਪਿਤ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ ਏ ਉਹ ਆਪਣੀ ਮਿਸਾਲ ਆਪ ਏ॥ ਰਾਜਨੀਤਕਾਂ ਨਾਲ ਕਿਸੇ ਧਾਰਮਿਕ ਆਗੂ ਵੱਲੋਂ ਸਾਂਝ ਰੱਖਣੀ ਚੰਗੀ ਗੱਲ ਏ ਜੇ ਉਦੇਸ਼ ਸੱਚੇ ਸੁੱਚੇ ਹੋਵਣ ਤੇ ਦਿਲ ਚ ਕੋਈ ਕੌਮੀ ਕਾਰਜ ਜਾਂ ਸਿੱਖਾਂ ਦੀ ਭਲਾਈ ਵਾਸਤੇ ਕੋਈ ਕਾਰਜ ਕਰਵਾਉਣ ਦੀ ਦ੍ਰਿੜ ਇੱਛਾ ਹੋਵੇ ਤਾਂ ਸਭ ਸ਼ੁੱਭ ਏ।

-ਹਰਪਾਲ ਸਿੰਘ ਅੰਮ੍ਰਿਤਸਰ



### ਬਿਜਲੀ ਸੋਧ ਬਿੱਲ 2025 ਤੇ ਸੀਡ ਬਿੱਲ 2025 ਬਿੱਲਾਂ ਦੀਆਂ

# ਬੀਕੇਯੂ ਉਗਰਾਹਾਂ ਨੇ ਸਾੜੀਆਂ ਕਾਪੀਆਂ



ਤਲਵੰਡੀ ਸਾਬੋ, 08 ਦਸੰਬਰ (ਗੁਰਜੰਟ ਸਿੰਘ ਨਥੇਹਾ)- ਬਿਜਲੀ ਸੋਧ ਬਿੱਲ 2025 ਅਤੇ ਸੀਡ ਬਿੱਲ 2025 ਰਾਹੀਂ ਬਿਜਲੀ ਬੋਰਡ ਦੇ ਕੀਤੇ ਜਾ ਰਹੇ ਨਿੱਜੀਕਰਨ ਅਤੇ ਕਿਸਾਨਾਂ ਤੋਂ ਆਪਣਾ ਬੀਜ ਵਰਤਣ ਵਿਰੁੱਧ ਅੱਜ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਬਲਾਕ ਤਲਵੰਡੀ ਸਾਬੋ ਵੱਲੋਂ ਸੰਯੁਕਤ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਵੱਲੋਂ ਬਿਜਲੀ ਦਫਤਰਾਂ ਅੱਗੇ ਦੋਨਾਂ ਬਿੱਲਾਂ ਦੀਆਂ ਕਾਪੀਆਂ ਸਾੜੀਆਂ ਗਈਆਂ। ਅੱਜ ਦੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਤਲਵੰਡੀ ਸਾਬੋ ਦੇ ਪ੍ਰਧਾਨ ਬਿੰਦਰ ਸਿੰਘ ਜੋਗੇਵਾਲਾ ਤੇ ਜਨਰਲ ਸਕੱਤਰ ਕਾਲਾ ਚੱਠੇਵਾਲਾ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਬੁਰਜ ਗਿੱਲ) ਦੇ ਜ਼ਿਲ੍ਹਾ ਆਗੂ ਬਲਕਰਨ ਸਿੰਘ ਭਾਗੀਵਾਂਦਰ, ਜਮੂਹਰੀ ਕਿਸਾਨ ਸਭਾ ਦੇ ਬਲਾਕ ਪ੍ਰਧਾਨ ਸੁਰਜੀਤ ਸਿੰਘ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਮੱਖਣ ਸਿੰਘ,ਕੁਲ ਹਿੰਦ ਕਿਸਾਨ ਸਭਾ ਦੇ ਬਲਾਕ ਆਗੂ ਹਰੀ ਸਿੰਘ, ਸਾਬਕਾ ਸੈਨਿਕ ਸਰਵਿਸਮੈਨ ਯੂਨੀਅਨ ਪੰਜਾਬ ਸਰਕਲ ਸਕੱਤਰ ਬੇਅੰਤ ਸਿੰਘ, ਐਮ.ਐਸ.ਯੂ ਤੇ ਪੀ.ਐਸ.ਈ.ਬੀ ਦੇ ਬੁਲਾਰਿਆਂ ਨੇ ਸੰਬੋਧਨ ਕੀਤਾ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਗਿਆਨਾ ਵੱਲੋਂ ਸਟੇਜ ਚਲਾਈ ਗਈ। ਇਸ ਸਮੇਂ ਆਗੂਆ ਨੇ ਕਿਹਾ ਕਿ ਬਿਜਲੀ ਐਕਟ 1948 ਅਧੀਨ ਸਰਕਾਰ ਨੇ ਲੋਕਾਂ ਦੀਆਂ ਸੁੱਖ ਸਹੂਲਤਾਂ ਲਈ ਬਿਜਲੀ ਦਾ ਪ੍ਰਬੰਧ ਕੀਤਾ ਸੀ ਤਾਂ ਕਿ ਜੋ ਇਸ ਦੀ ਬਿਨਾਂ ਕਿਸੇ ਮੁਨਾਫੇ ਨੁਕਸਾਨ ਦੇ ਲੋਕ ਇਹ ਸਸਤੀ ਸਹੂਲਤ ਮਾਣ ਸਕਣ ਅਤੇ ਇਸ ਦੇ ਢਾਂਚੇ ਨੂੰ ਚਲਾਉਣ ਲਈ ਵਪਾਰਕ ਵਰਤੋਂ ਦੀ ਬਿਜਲੀ ਵਾਸਤੇ ਵੱਖਰੇ ਰੇਟ ਰੱਖੇ ਹੋਏ ਸਨ ਪਰ ਉਸ ਤੋਂ ਬਾਅਦ ਵਿਸਵ ਵਪਾਰ ਸੰਸਥਾ ਦੀਆਂ ਨੀਤੀਆਂ ਤਹਿਤ ਇਸ ਨੂੰ ਵੱਡੇ ਉਦਯੋਗ ਘਰਾਣਿਆਂ ਦੇ ਹੱਥ ਦੇਣ ਲਈ ਬਾਰ ਬਾਰ ਇਸ ਕਾਨੂੰਨ ਵਿੱਚ ਸੋਧਾਂ ਕੀਤੀਆਂ ਗਈਆਂ ਅਤੇ ਇਸ ਨੂੰ ਹੁਣ ਪੂਰੀ ਤਰ੍ਹਾਂ ਨਿੱਜੀ ਹੱਥਾਂ 'ਚ ਦੇਣ ਲਈ ਕੇਂਦਰ ਸਰਕਾਰ ਨੇ ਬਿਜਲੀ ਸੋਧ ਬਿੱਲ 2025 ਅਤੇ ਸੀਡ ਬਿੱਲ 2025 ਨੂੰ ਸੰਸਦ ਦੇ ਸਰਦ ਰੁੱਤ ਵਿੱਚ ਪੇਸ਼ ਕਰਨ ਲਈ ਰਾਹੀਂ ਸੂਬੇ ਦੀਆਂ ਸਰਕਾਰਾਂ ਨੂੰ ਲਾਗੂ ਕਰਨ ਲਈ ਸਲਾਹਾਂ ਮੰਗੀਆਂ ਗਈਆਂ ਹਨ ਜਿਸ ਸੰਬੰਧੀ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਵੀ ਇਸ ਦਾ ਵਿਰੋਧ ਕਰਨ ਲਈ ਚੁੱਪ ਵਟੀ ਹੋਈ ਹੈ। ਉਹਨਾਂ ਕਿਹਾ ਕਿ ਇਸ ਐਕਟ ਅਧੀਨ ਕੇਂਦਰ ਦੀ ਮੋਦੀ ਸਰਕਾਰ ਸੂਬਿਆਂ ਤੋਂ ਲੋਕਾਂ ਲਈ ਬਿਜਲੀ ਦੀ ਸਹੂਲਤਾਂ ਦੇ ਅਧਿਕਾਰ ਖੋਹ ਕੇ ਕੇਂਦਰ ਸਰਕਾਰ ਆਪਣੇ ਹੱਥ ਵਿੱਚ ਕਰਨ ਲਈ ਰਾਹ ਪੱਧਰਾ ਕਰ ਰਹੀ ਹੈ। ਇਸ ਦੇ ਲਾਗੂ ਹੋਣ ਨਾਲ ਸਾਰਾ ਬਿਜਲੀ ਪ੍ਰਬੰਧ ਨਿੱਜੀ ਹਥਾਂ ਵਿੱਚ ਜਾਣ ਕਾਰਨ ਕੰਪਨੀਆਂ ਵੱਲੋਂ ਗਰੀਬ ਲੋਕਾਂ ਨੂੰ ਮਿਲਦੀਆਂ ਸਾਰੀਆਂ ਸਬਸਿਡੀਆਂ ਬੰਦ ਹੋਣ ਕਾਰਨ ਅਤੇ ਖੇਤੀ ਮੋਟਰਾਂ ਲਈ ਮਿਲਦੀ ਮੁਫਤ ਬਿਜਲੀ ਦੀਆਂ ਕੀਮਤਾਂ ਵੀ ਬਹੁਤ ਵੱਧ ਜਾਣਗੀਆਂ ਜੋ ਕਿ ਆਮ ਕਿਸਾਨਾਂ ਦੀ ਪਹੁੰਚ ਤੋਂ ਬਾਹਰ ਹੋ ਜਾਣਗੀਆਂ ਅਤੇ ਕਿਸਾਨ ਜਮੀਨਾਂ ਛੱਡਣ ਲਈ ਮਜਬੂਰ ਹੋ ਜਾਣਗੇ। ਬੁਲਾਰਿਆਂ ਨੇ ਕਿਹਾ ਕਿ ਬੀਜ ਸੋਧ ਬਿਲ 2025 ਦੇ ਲਾਗੂ ਹੋਣ ਨਾਲ ਬੀਜ ਬਣਾਉਣ ਵਾਲੀਆਂ ਕੰਪਨੀਆਂ ਦਾ ਹੀ ਕਿਸਾਨ ਬੀਜ ਬੀਜ ਸਕਣਗੇ ਅਤੇ ਕਿਤੋਂ ਹੋਰ ਬੀਜ ਬੀਜਣ ਤੇ ਕੰਪਨੀ ਨੂੰ ਕਿਸਾਨਾਂ ਖਿਲਾਫ ਕਾਰਵਾਈ ਕਰਾਉਣ ਦਾ ਅਧਿਕਾਰ ਪ੍ਰਾਪਤ ਹੋ ਜਾਵੇਗਾ ਅਤੇ ਕੰਪਨੀ ਵੱਲੋਂ ਦਿੱਤੇ ਬੀਜਾਂ ਕਾਰਨ ਕਿਸਾਨ ਦੇ ਹੋਣ ਵਾਲੇ ਨੁਕਸਾਨ ਦਾ ਕੰਪਨੀ ਜਿੰਮੇਵਾਰ ਨਹੀਂ ਹੋਵੇਗੀ। ਇਕੱਠ ਨੂੰ ਸੰਬੋਧਨ ਕਰਦਿਆਂ ਕਿਸਾਨਾਂ, ਮੁਲਾਜ਼ਮਾਂ, ਮਜ਼ਦੂਰਾਂ ਦੇ ਸਮੂਹ ਆਗੂਆਂ ਨੇ ਕਿਹਾ ਕਿ ਸਰਕਾਰ ਦੇ ਲੋਕਾਂ 'ਤੇ ਇਸ ਵੱਡੇ ਹਮਲੇ ਨੂੰ ਰੋਕਣ ਲਈ ਸਿਰਫ ਕਿਸਾਨ, ਮੁਲਾਜ਼ਮ ਜਾਂ ਮਜ਼ਦੂਰ ਜਥੇਬੰਦੀਆਂ ਨਹੀਂ ਰੋਕ ਸਕਦੀਆਂ ਇਸ ਹਮਲੇ ਨੂੰ ਰੋਕਣ ਲਈ ਸਮੂਹ ਕਿਰਤੀ ਲੋਕਾਂ ਨੂੰ ਸੰਘਰਸ ਦੇ ਮੈਦਾਨ ਵਿੱਚ ਆਉਣ ਦਾ ਸੱਦਾ ਦਿੱਤਾ। ਅੱਜ ਦੇ ਇਕੱਠਾਂ ਵਿੱਚ ਕਿਸਾਨਾਂ ਤੋਂ ਇਲਾਵਾ ਬਿਜਲੀ ਮੁਲਾਜ਼ਮਾਂ ਦੀਆਂ ਜਥੇਬੰਦੀਆਂ, ਠੇਕਾ ਕਾਮਿਆਂ, ਮਜ਼ਦੂਰਾਂ ਸਮੇਤ ਔਰਤਾਂ ਨੇ ਵੀ ਸਮੂਲੀਅਤ ਕੀਤੀ।

**ਬਿਜਲੀ ਸੋਧ ਬਿੱਲ 2025 ਤੇ ਸੀਡ ਬਿੱਲ 2025 ਬਿੱਲਾਂ ਦੀਆਂ ਬੀਕੇਯੂ ਉਗਰਾਹਾਂ ਨੇ ਸਾੜੀਆਂ ਕਾਪੀਆਂ**

# ਮਾਤਾ ਹਰਜਿੰਦਰ ਕੌਰ ਚੰਨਣਕੇ ਨਮਿਤ ਭੋਗ 'ਤੇ ਅੰਤਿਮ ਅਰਦਾਸ ਸਮਾਗਮ ਅੱਜ



**ਚੌਂਕ ਮਹਿਤਾ, 8 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਦੀ ਧਰਮ ਪਤਨੀ ਮਾਤਾ ਹਰਜਿੰਦਰ ਕੌਰ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਜਿਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ 9 ਦਸੰਬਰ ਦਿਨ ਮੰਗਲਵਾਰ ਨੂੰ ਗੁਰਦੁਆਰਾ ਬਾਬਾ ਚੰਨਣ ਜੀ ਪਿੰਡ ਚੰਨਣਕੇ ਵਿਖੇ ਪੈਣਗੇ, ਉਪਰੰਤ ਅੰਤਿਮ ਅਰਦਾਸ ਸਮਾਗਮ ਹੋਵੇਗਾ। ਜਿਸ ਦੌਰਾਨ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਚੌਂਕ ਰਾਗੀ , ਅਤੇ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ ਸੰਗਤਾਂ ਨੂੰ ਕੀਰਤਨ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ ਇਸ ਮੌਕੇ ਤੇ ਧਾਰਮਿਕ, ਰਾਜਨੀਤਿਕ ਅਤੇ ਸਮਾਜ ਸੇਵੀ ਜਥੇਬੰਦੀਆਂ , ਪੱਤਰਕਾਰਾ ਦੇ ਆਗੂ ਉਚੇਚੇ ਤੌਰ ਤੇ ਪਹੁੰਚ ਕੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਇਸ ਸਮੇਂ ਫੀਲਡ ਪੱਤਰਕਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ੈਲਿੰਦਰਜੀਤ ਸਿੰਘ ਰਾਜਨ ਅਤੇ ਮਹਿਤਾ ਇਕਾਈ ਦੇ ਪ੍ਰਧਾਨ ਕੈਪਟਨ ਸਿੰਘ ਸਾਥੀ ਪੱਤਰਕਾਰਾਂ ਸਮੇਤ ਪਹੁੰਚ ਕੇ ਪਰਿਵਾਰ ਦੇ ਇਸ ਦੁੱਖ ਵਿਚ ਭਾਈਵਾਲ ਬਣਨਗੇ।

# ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਭਾਮ ਦੇ ਪਿੰਡਾਂ ਵਿੱਚ ਸਮਰਥਨ ਮੰਗਿਆ

**ਹੁਸ਼ਿਆਰਪੁਰ/ਚੱਬੇਵਾਲ, 8ਦਸੰਬਰ (ਆਵਾਜ਼ਿ ਕੌਮ ਬਿਊਰੋ)**-ਜਿਲ੍ਹਾ ਪ੍ਰੀਸ਼ਦ ਅਤੇ ਬਲਾਕ ਕਮੇਟੀ ਚੋਣਾਂ ਲਈ ਚੱਬੇਵਾਲ ਖੇਤਰ ਵਿੱਚ ਚੋਣ ਮੁਹਿੰਮ ਤੇਜ਼ ਹੋ ਗਈ ਹੈ। ਸੋਮਵਾਰ ਨੂੰ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਭਾਮ ਦੇ ਪਿੰਡਾਂ ਠੱਕਰਵਾਲ, ਬੱਡੋਂ, ਰਹੱਲੀ, ਮਖਸੂਸਪੁਰ, ਭਾਮ ਅਤੇ ਦਿਹਾਣਾ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਸਮਰਥਨ ਵਿੱਚ ਜਨ ਸੰਪਰਕ ਮੁਹਿੰਮ ਸ਼ੁਰੂ ਕੀਤੀ। ਇਨ੍ਹਾਂ ਪਿੰਡਾਂ ਵਿੱਚ ਪਹੁੰਚਣ 'ਤੇ ਸਥਾਨਕ ਲੋਕਾਂ ਵੱਲੋਂ ਵਿਧਾਇਕ ਦਾ ਨਿੱਘਾ ਸਵਾਗਤ ਕੀਤਾ ਗਿਆ। ਡਾ. ਇਸ਼ਾਂਕ ਨੇ ਜ਼ਿਲ੍ਹਾ ਪ੍ਰੀਸ਼ਦ ਭਾਮ ਤੋਂ 'ਆਪ' ਉਮੀਦਵਾਰਾਂ ਡਾ. ਵਿਪਨ ਕੁਮਾਰ, ਬਲਾਕ ਕਮੇਟੀ ਜ਼ੋਨ ਬੱਡੋਂ ਤੋਂ ਮਨਪ੍ਰੀਤ ਕੌਰ, ਭਾਮ ਤੋਂ ਰਣਜੀਤ ਕੌਰ ਅਤੇ ਨਡਾਲੋਂ ਤੋਂ ਰਣਬੀਰ ਸਿੰਘ ਲਈ ਸਮਰਥਨ ਮੰਗਿਆ।

ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਉਨ੍ਹਾਂ ਨੇ ਹਮੇਸ਼ਾ ਪਿੰਡ ਦੇ ਵਿਕਾਸ, ਪਾਰਦਰਸ਼ਤਾ ਅਤੇ ਲੋਕ ਭਲਾਈ ਨੂੰ ਤਰਜੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਚੱਬੇਵਾਲ ਵਿਧਾਨ ਸਭਾ ਹਲਕੇ ਵਿੱਚ ਸੜਕ, ਸਿੱਖਿਆ ਅਤੇ ਸਿਹਤ ਪ੍ਰੋਜੈਕਟਾਂ 'ਤੇ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ। ਉਨ੍ਹਾਂ ਕਿਹਾ, "ਜਨਤਾ ਸਾਡੇ ਕੰਮ ਤੋਂ ਸੰਤੁਸ਼ਟ ਹੈ।" ਪਿੰਡ ਵਾਸੀਆਂ ਨੇਵੀ ਮੰਨਿਆ ਕਿ ਇਲਾਕੇ ਵਿੱਚ ਵਿਕਾਸ ਕਾਰਜ ਸੁਚਾਰੂ ਢੰਗ ਨਾਲ ਚੱਲ ਰਹੇ ਹਨ ਅਤੇ ਉਹ ਆਪਣੇ ਵਿਧਾਇਕ ਦੀ ਕਾਰਜਸ਼ੈਲੀ ਤੋਂ ਖੁਸ਼ ਹਨ।

ਵਿਧਾਇਕ ਡਾ. ਇਸ਼ਾਂਕ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਕਮੇਟੀ ਚੋਣਾਂ ਵਿੱਚ 'ਆਪ' ਉਮੀਦਵਾਰਾਂ ਦੀ ਜਿੱਤ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕਰੇਗੀ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਉਮੀਦਵਾਰਾਂ ਦੀ ਭਾਰੀ ਜਿੱਤ ਨੂੰ ਯਕੀਨੀ ਬਣਾਉਣ। ਪ੍ਰਚਾਰ ਦੌਰਾਨ, ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਵੀ ਪਿੰਡ ਬੱਡੋਂ ਵਿੱਚ ਚੋਣ ਮੀਟਿੰਗ ਵਿੱਚ ਸ਼ਿਰਕਤ ਕੀਤੀ ਅਤੇ ਉਮੀਦਵਾਰਾਂ ਲਈ ਅਪੀਲ ਕੀਤੀ ਜਾ ਸਕੇ।

ਇਸ ਮੌਕੇ ਸਾਬਕਾ ਸਰਪੰਚ ਜਸਵਿੰਦਰ ਸਿੰਘ ਠੱਕਰਵਾਲ, ਰਿੱਕੀ ਪਰਮਾਰ ਬੱਡੋਂ, ਸਰਪੰਚ ਭਾਮ ਪਰਵਿੰਦਰ ਸਿੰਘ ਜਸਵਾਲ, ਗੋਪੀ ਭਾਮ, ਰਣਜੀਤ ਕੁਮਾਰ (ਪ੍ਰਧਾਨ ਐਸ.ਸੀ ਵਿੰਗ ਚੱਬੇਵਾਲ), ਨਵੂ ਠੱਕਰਵਾਲ, ਹਰੀ ਰਾਮ ਸਿੱਧੂ, ਡਾ: ਕਿਰਪਾਲ ਸਿੰਘ ਭਗਤਪੁਰ, ਡਾ: ਸੁਖਵਿੰਦਰ ਬੱਡੋਂ, ਡਾ: ਪਰਮਿੰਦਰ ਸੂਦ ਅਤੇ ਰਣਜਿੰਦਰ ਗਿੱਲ ਰਾਣਾ (ਸਰਪੰਚ ਮੌਜੋ ਮਜਾਰਾ) ਸਮੇਤ ਕਈ ਪਤਵੰਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243